PAIGAM-E-JAGAT

ਪੈ.ਗਾਮ-ਏ-ਜਗਤ

ਵਿਸ਼ਵਾਸ ਤੋਂ ਬਿਨਾਂ ਪਿਆਰ ਅਸੰਭਵ ਹੈ, ਅਤੇ ਪਰਮਾਤਮਾ ਨੂੰ ਮਿਲਣਾ ਪਿਆਰ ਤੋਂ ਬਿਨਾਂ ਅਸੰਭਵ ਹੈ। -ਗੌਤਮ ਬੁੱਧ

Title code : CHAMUL00914 | E-mail : Info@paigamejagat.com | ਸ਼ੁੱਕਰਵਾਰ, 22 ਮਈ 2026, ਸਾਲ-3, ਅੰਕ-138, ਚੰਡੀਗੜ੍ਹ, ਮੁੱਖ ਸੰਪਾਦਕ : ਦਵਿੰਦਰ ਕੁਮਾਰ, ਸੰਪਰਕ-9878862733, 9872340701

ਪੁਲਵਾਮਾ ਹਮਲੇ ਦੀ ਸਾਜ਼ਿਸ਼ ਰਚਣ ਵਾਲਾ ਹਮਜ਼ਾ ਬੁਰਹਾਨ ਮਾਰਿਆ ਗਿਆ

ਪਾਕਿਸਤਾਨੀ ਕਬਜ਼ੇ ਵਾਲੇ ਪੀਓਕੇ ਵਿੱਚ ਅਣਪਛਾਤੇ ਬੰਦੂਕਧਾਰੀਆਂ ਗੋਲੀਆਂ ਮਾਰੀਆਂ

ਚੰਡੀਗੜ੍ਹ, 21 ਮਈ (ਪੈਗਾਮ-ਏ-ਜਗਤ)

ਵੀਰਵਾਰ ਨੂੰ ਸਾਹਮਣੇ ਆਈਆਂ ਮੀਡੀਆ ਰਿਪੋਰਟਾਂ ਮੁਤਾਬਕ, 2019 ਦੇ ਪੁਲਵਾਮਾ ਅਤਿਵਾਦੀ ਹਮਲੇ ਦੇ ਕਥਿਤ ਮਾਸਟਰਮਾਈਂਡਾਂ ਵਿੱਚੋਂ ਇੱਕ, ਹਮਜ਼ਾ ਬੁਰਹਾਨ ਦੇ ਪਾਕਿਸਤਾਨ ਦੇ ਕਬਜ਼ੇ ਵਾਲੇ ਕਸ਼ਮੀਰ ਵਿੱਚ ਅਣਪਛਾਤੇ ਬੰਦੂਕਧਾਰੀਆਂ ਵੱਲੋਂ ਮਾਰੇ ਜਾਣ ਦੀ ਖ਼ਬਰ ਹੈ। ਹਮਜ਼ਾ ਬੁਰਹਾਨ, ਜਿਸ ਨੂੰ ਅਰਸ਼ਮੇਦ ਗੁਲਜ਼ਾਰ ਡਾਰ ਵਜੋਂ ਵੀ ਜਾਣਿਆ ਜਾਂਦਾ ਸੀ, ਕਥਿਤ ਤੌਰ 'ਤੇ ਅਲ-ਬਦਰ ਦਾ ਅਤਿਵਾਦੀ ਕਮਾਂਡਰ ਸੀ ਅਤੇ ਉਹ ਅਸਲ ਵਿੱਚ ਜੰਮੂ-ਕਸ਼ਮੀਰ ਦੇ ਪੁਲਵਾਮਾ ਦਾ ਰਹਿਣ ਵਾਲਾ ਸੀ। ਰਿਪੋਰਟਾਂ ਵਿੱਚ ਦਾਅਵਾ ਕੀਤਾ ਗਿਆ ਹੈ ਕਿ ਮੁਜ਼ੱਫਰਾਬਾਦ ਵਿੱਚ ਅਣਪਛਾਤੇ ਹਮਲਾਵਰਾਂ ਨੇ ਰਹੱਸਮਈ ਹਾਲਾਤਾਂ ਵਿੱਚ ਉਸ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ।

ਜ਼ਿਕਰਯੋਗ ਹੈ ਕਿ ਸਾਲ 2019 ਵਿੱਚ ਹੋਏ ਪੁਲਵਾਮਾ ਅਤਿਵਾਦੀ ਹਮਲੇ

ਦੌਰਾਨ ਸੀਆਰਪੀਐੱਫ ਦੇ 40 ਜਵਾਨ ਸ਼ਹੀਦ ਹੋ ਗਏ ਸਨ। ਇਹ ਹਾਦਸਾ ਉਦੋਂ ਵਾਪਰਿਆ ਸੀ ਜਦੋਂ ਇੱਕ ਆਤਮਘਾਤੀ ਹਮਲਾਵਰ ਨੇ ਜੰਮੂ-ਕਸ਼ਮੀਰ ਵਿੱਚ ਬਾਰੂਦ (ਵਿਸਫੋਟਕਾਂ) ਨਾਲ ਭਰੀ ਆਪਣੀ ਗੱਡੀ ਫ਼ੌਜ ਦੇ ਕਾਫ਼ਲੇ ਨਾਲ ਟਕਰਾ ਦਿੱਤੀ ਸੀ, ਜਿਸ ਤੋਂ ਬਾਅਦ ਭਾਰਤ ਅਤੇ ਪਾਕਿਸਤਾਨ ਵਿਚਾਲੇ ਆਪਸੀ ਤਣਾਅ ਬਹੁਤ ਜ਼ਿਆਦਾ ਵਧ ਗਿਆ ਸੀ।

ਕਈ ਮੀਡੀਆ ਅਦਾਰਿਆਂ ਨੇ ਇਸ ਹੱਤਿਆ ਦੀ ਰਿਪੋਰਟ ਦਿੱਤੀ ਹੈ, ਪਰ ਇਸ ਘਟਨਾ ਜਾਂ ਹਮਲਾਵਰਾਂ ਦੀ ਪਛਾਣ ਬਾਰੇ ਹਾਲੇ ਤੱਕ ਭਾਰਤੀ ਸੁਰੱਖਿਆ ਏਜੰਸੀਆਂ ਜਾਂ ਪਾਕਿਸਤਾਨੀ ਅਧਿਕਾਰੀਆਂ ਵੱਲੋਂ ਕੋਈ ਅਧਿਕਾਰਤ ਪੁਸ਼ਟੀ ਨਹੀਂ ਕੀਤੀ ਗਈ ਹੈ।

ਇਹ ਘਟਨਾ ਹਾਲ ਹੀ ਦੇ ਸਾਲਾਂ ਵਿੱਚ ਪਾਕਿਸਤਾਨ ਅਤੇ ਪਾਕਿਸਤਾਨ ਦੇ ਕਬਜ਼ੇ ਵਾਲੇ ਕਸ਼ਮੀਰ ਵਿੱਚ ਰਚਿ ਰਹੇ ਲੋੜੀਂਦੇ ਅਤਿਵਾਦੀਆਂ ਅਤੇ ਕਮਾਂਡਰਾਂ ਨੂੰ ਨਿਸ਼ਾਨਾ ਬਣਾ ਕੇ ਕੀਤੇ ਗਏ ਲਗਾਤਾਰ ਹਮਲਿਆਂ ਦੇ ਦਰਮਿਆਨ ਸਾਹਮਣੇ ਆਈ ਹੈ।

ਪਹਿਲਗਾਮ ਹਮਲੇ ਬਾਰੇ ਐਨਆਈਏ ਚਾਰਜਸ਼ੀਟ ਵਿੱਚ ਖੁਲਾਸਾ ਹੋਇਆ

- ਪੂਰੀ ਸਾਜ਼ਿਸ਼ ਪਾਕਿਸਤਾਨ ਤੋਂ ਰਚੀ ਗਈ ਸੀ, ਅੱਤਵਾਦੀ ਸੈਫੁੱਲਾ ਨਿਰਦੇਸ਼ ਦੇ ਰਿਹਾ ਸੀ

ਨਵੀਂ ਦਿੱਲੀ, 21 ਮਈ (ਪੈਗਾਮ-ਏ-ਜਗਤ)

ਰਾਸ਼ਟਰੀ ਜਾਂਚ ਏਜੰਸੀ ਨੇ ਅਪ੍ਰੈਲ 2025 ਵਿੱਚ ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਹੋਏ ਘਾਤਕ ਅੱਤਵਾਦੀ ਹਮਲੇ ਦੇ ਸਬੰਧ ਵਿੱਚ ਇੱਕ ਮਹੱਤਵਪੂਰਨ ਚਾਰਜਸ਼ੀਟ ਦਾਇਰ ਕੀਤੀ ਹੈ। ਇਸ ਹਮਲੇ ਵਿੱਚ 26 ਸੈਲਾਨੀ ਮਾਰੇ ਗਏ ਸਨ। ਜਾਂਚ ਵਿੱਚ ਖੁਲਾਸਾ ਹੋਇਆ ਹੈ ਕਿ ਪੂਰੀ ਸਾਜ਼ਿਸ਼ ਪਾਕਿਸਤਾਨ ਤੋਂ ਰਚੀ ਗਈ ਸੀ ਅਤੇ ਚਲਾਈ ਗਈ ਸੀ।

ਇਹ ਹਮਲਾ ਲਸ਼ਕਰ-ਏ-ਤੋਇਬਾ ਅਤੇ ਇਸਦੇ ਪ੍ਰੌਕਸੀ ਸੰਗਠਨ, ਦ ਰੇਜ਼ਿਸਟੈਂਸ ਫ਼ਰੰਟ ਦੁਆਰਾ ਕੀਤਾ ਗਿਆ ਸੀ। ਜਾਂਚ ਏਜੰਸੀ ਨੇ ਕਿਹਾ ਕਿ ਪੂਰੀ ਕਾਰਵਾਈ ਨੂੰ ਸਰਹੱਦ ਪਾਰ ਤੋਂ ਕੰਟਰੋਲ ਕੀਤਾ ਜਾ ਰਿਹਾ ਸੀ। ਚਾਰਜਸ਼ੀਟ ਦੇ ਅਨੁਸਾਰ, ਲਸ਼ਕਰ ਅੱਤਵਾਦੀ ਸੈਫੁੱਲਾ ਉਰਫ਼ ਸਾਜਿਦ ਜੱਟ ਉਰਫ਼ 'ਲੰਗਦਾ' ਹਮਲੇ ਦਾ ਮੁੱਖ ਸਾਜ਼ਿਸ਼ਕਰਤਾ ਸੀ। ਉਹ ਲਾਹੌਰ, ਪਾਕਿਸਤਾਨ ਤੋਂ ਅੱਤਵਾਦੀਆਂ ਨੂੰ ਸਿੱਧੇ ਨਿਰਦੇਸ਼ ਦੇ ਰਿਹਾ ਸੀ।

ਐਨਆਈਏ ਨੇ ਕਿਹਾ ਕਿ 15 ਅਤੇ 16 ਅਪ੍ਰੈਲ ਨੂੰ ਸੈਫੁੱਲਾ ਨੇ ਤਿੰਨ ਅੱਤਵਾਦੀਆਂ - ਫੈਸਲ ਜੱਟ ਉਰਫ਼ ਸੁਲੇਮਾਨ, ਹਬੀਬ ਤਾਹਿਰ ਉਰਫ਼ ਛੋਟੂ ਅਤੇ ਹਮਜ਼ਾ ਅਫਗਾਨੀ - ਨੂੰ ਬੈਸਰਾਨ ਘਾਟੀ ਭੇਜਿਆ ਸੀ। ਉਥੇ, ਉਨ੍ਹਾਂ ਨੇ ਸੁਰੱਖਿਆ ਪ੍ਰਬੰਧਾਂ ਅਤੇ ਸੈਲਾਨੀ ਗਤੀਵਿਧੀਆਂ ਦੀ ਜਾਂਚ ਕੀਤੀ। ਜਾਂਚ ਵਿੱਚ ਇਹ ਵੀ ਸਾਹਮਣੇ ਆਇਆ ਕਿ ਦੋ ਸਥਾਨਕ ਲੋਕ, ਪਰਵੇਜ਼ ਅਤੇ ਬਸ਼ੀਰ ਅਹਿਮਦ, ਨੇ ਪਾਕਿਸਤਾਨੀ ਅੱਤਵਾਦੀਆਂ ਨੂੰ ਸਹਾਇਤਾ ਪ੍ਰਦਾਨ ਕੀਤੀ। (ਬਾਕੀ ਸਫ਼ਾ 2 ਤੇ)

ਤਰਨ ਤਾਰਨ : ਭਰਾ ਨੇ ਕਹੀ ਨਾਲ ਵੱਢੀ ਸਕੀ ਭੈਣ; ਮਾਂ ਵੀ ਜ਼ਖਮੀ

ਪੱਟੀ/ਤਰਨ ਤਾਰਨ, 21 ਮਈ (ਪੈਗਾਮ-ਏ-ਜਗਤ)

ਸਰਹੱਦੀ ਖੇਤਰ ਦੇ ਪਿੰਡ ਸਰਾ ਅੰਦਰ ਅੱਜ ਇੱਕ ਬੇਹੱਦ ਦਰਦਨਾਕ ਘਟਨਾ ਸਾਹਮਣੇ ਆਈ ਹੈ। ਇੱਥੇ ਮਾਨਸਿਕ ਤੌਰ 'ਤੇ ਬਿਮਾਰ ਅਤੇ ਪਰੇਸ਼ਾਨ ਇੱਕ ਵਿਅਕਤੀ ਵੱਲੋਂ ਆਪਣੀ ਸਕੀ ਭੈਣ, ਦੋ ਬੱਚਰੀਆਂ ਅਤੇ ਇੱਕ ਪਾਲਤੂ ਕੁੱਤੇ (ਕੁੱਤੀ) ਦਾ ਕਹੀ ਮਾਰ ਕੇ ਬੇਰਹਿਮੀ ਨਾਲ ਕਤਲ ਕਰ ਦਿੱਤਾ ਗਿਆ।

ਇਸ ਖ਼ੂਨੀ ਭੜਪ ਵਿੱਚ ਘਰ ਦੀ ਇੱਕ ਹੋਰ ਅੌਰਤ ਜੋ ਕਿ ਮੁਲਜ਼ਮ ਦੀ ਮਾਂ ਦੱਸੀ ਜਾ ਰਹੀ ਹੈ, ਉਹ ਵੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਈ ਹੈ, ਜਿਸ ਨੂੰ ਇਲਾਜ ਲਈ ਹਸਪਤਾਲ ਦਾਖਲ ਕਰਵਾਇਆ ਗਿਆ ਹੈ।

ਮੁਲਜ਼ਮ ਲੜਕੇ ਅਤੇ ਮ੍ਰਿਤਕ ਲੜਕੀ ਦੇ ਪਿਤਾ ਮੁਖਤਿਆਰ ਸਿੰਘ ਨੇ ਘਟਨਾ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਨ੍ਹਾਂ ਦੇ ਲੜਕੇ ਰਸਾਲ ਸਿੰਘ ਦੀ ਦਿਮਾਗੀ ਹਾਲਤ ਠੀਕ ਨਹੀਂ ਸੀ। ਰਸਾਲ ਸਿੰਘ ਨੇ ਘਰ ਵਿੱਚ ਭਗਤਾ ਕਰਕੇ ਪਹਿਲਾਂ ਪਾਲਤੂ ਕੁੱਤੇ ਅਤੇ ਦੋ ਬੱਚਰੀਆਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ। ਇਸ ਤੋਂ ਬਾਅਦ ਉਸ ਨੇ ਆਪਣੀ ਸਕੀ ਭੈਣ ਸੰਦੀਪ ਕੌਰ ਦੇ ਸਿਰ ਵਿੱਚ ਕਹੀ ਦੇ ਕਈ ਵਾਰ ਕੀਤੇ, ਜਿਸ ਕਾਰਨ ਉਸ ਦੀ ਮੌਕੇ 'ਤੇ ਹੀ (ਬਾਕੀ ਸਫ਼ਾ 2 ਤੇ)

ਲੈਂਡਿੰਗ ਦੌਰਾਨ ਰਨਵੇਅ ਨਾਲ ਰਗੜਿਆ ਏਅਰ ਇੰਡੀਆ ਦਾ ਜਹਾਜ਼, ਅਗਲੀ ਉਡਾਣ ਰੱਦ

ਨਵੀਂ ਦਿੱਲੀ, 21 ਮਈ (ਪੈਗਾਮ-ਏ-ਜਗਤ)

ਦਿੱਲੀ ਤੋਂ ਬੰਗਲੂਰੂ ਜਾ ਰਹੀ ਏਅਰ ਇੰਡੀਆ ਦੀ ਇੱਕ ਫ਼ਲਾਈਟ ਵੀਰਵਾਰ ਨੂੰ ਬੰਗਲੂਰੂ ਹਵਾਈ ਅੱਡੇ 'ਤੇ ਲੈਂਡਿੰਗ (ਉਤਰਨ) ਦੌਰਾਨ ਟੇਲ-ਸਟ੍ਰਾਈਕ (ਪਿਛਲਾ ਹਿੱਸਾ ਰਨਵੇਅ ਨਾਲ ਟਕਰਾਉਣ) ਦਾ ਸ਼ਿਕਾਰ ਹੋ ਗਈ। ਇਸ ਕਾਰਨ ਐਵੀਏਸ਼ਨ ਕੰਪਨੀ (ਏਅਰਲਾਈਨ) ਨੂੰ ਜਾਂਚ ਲਈ ਜਹਾਜ਼ ਨੂੰ ਜ਼ਮੀਨ 'ਤੇ ਖੜ੍ਹਾ (ਗਰਾਊਂਡ) ਕਰਨ ਅਤੇ ਕੌਮੀ ਰਾਜਧਾਨੀ (ਦਿੱਲੀ) ਲਈ ਵਾਪਸੀ ਦੀ ਉਡਾਣ ਨੂੰ ਰੱਦ ਕਰਨ ਲਈ ਮਜਬੂਰ ਹੋਣਾ ਪਿਆ।

ਇਸ ਘਟਨਾ ਵਿੱਚ ਫ਼ਲਾਈਟ 192651 ਸਾਮਲ ਸੀ, ਜੋ ਦਿੱਲੀ ਤੋਂ ਬੰਗਲੂਰੂ ਲਈ ਉਡਾਣ ਭਰ ਰਹੀ ਸੀ। ਏਅਰਲਾਈਨ ਮੁਤਾਬਕ, ਟੇਲ-ਸਟ੍ਰਾਈਕ ਦੇ ਬਾਵਜੂਦ ਜਹਾਜ਼ ਸੁਰੱਖਿਅਤ ਲੈਂਡ ਕਰ ਗਿਆ ਅਤੇ ਸਾਰੇ ਯਾਤਰੀ ਤੇ ਕਰੂ ਮੈਂਬਰ (ਅਮਲਾ) ਬਿਨਾ ਕਿਸੇ ਸੱਟ-ਵੱਟ ਦੇ ਆਮ ਵਾਂਗ ਜਹਾਜ਼ ਤੋਂ ਬਾਹਰ ਆ ਗਏ।

ਟੇਲ-ਸਟ੍ਰਾਈਕ ਉਦੋਂ ਹੁੰਦੀ ਹੈ ਜਦੋਂ ਉਡਾਣ ਭਰਨ (ਟੇਕ-ਆਫ਼) ਜਾਂ ਲੈਂਡਿੰਗ ਦੌਰਾਨ ਜਹਾਜ਼ ਦਾ ਪਿਛਲਾ ਹਿੱਸਾ ਰਨਵੇਅ ਨਾਲ ਟਕਰਾ ਜਾਂਦਾ ਹੈ। ਅਜਿਹੀ ਸਥਿਤੀ ਵਿੱਚ ਸੰਭਾਵੀ ਢਾਂਚਾਗਤ ਨੁਕਸਾਨ ਦਾ ਪਤਾ ਲਗਾਉਣ ਲਈ ਜਾਂਚਮੀ ਤਕਨੀਕੀ ਜਾਂਚ ਕਰਨੀ ਪੈਂਦੀ ਹੈ।

ਇਸ ਘਟਨਾ ਤੋਂ ਬਾਅਦ, ਜਹਾਜ਼ ਨੂੰ ਏਅਰ ਇੰਡੀਆ ਵੱਲੋਂ ਦੱਸੀ ਗਈ 'ਵਿਸਤ੍ਰਿਤ ਜਾਂਚ' ਲਈ ਖੜ੍ਹਾ ਕਰ ਦਿੱਤਾ ਗਿਆ ਹੈ। ਏਅਰਲਾਈਨ ਨੇ ਕਿਹਾ ਕਿ ਨਿਰਧਾਰਤ ਪ੍ਰਕਿਰਿਆਵਾਂ ਦੇ ਅਨੁਸਾਰ ਅਤੇ ਸਬੰਧਤ ਰੈਗੂਲੇਟਰੀ ਅਥਾਰਟੀਆਂ (ਨਿਯਮਤ ਅਧਿਕਾਰੀਆਂ) ਦੇ ਤਾਲਮੇਲ ਨਾਲ ਇਸ ਮਾਮਲੇ ਦੀ ਜਾਂਚ ਕੀਤੀ ਜਾਵੇਗੀ।

ਇਸ ਘਟਨਾਕ੍ਰਮ ਕਾਰਨ ਵਾਪਸੀ ਦੀ ਸੇਵਾ ਵੀ ਪ੍ਰਭਾਵਿਤ ਹੋਈ, ਜਿਸ ਕਾਰਨ ਏਅਰ ਇੰਡੀਆ ਨੇ ਬੰਗਲੂਰੂ ਤੋਂ ਦਿੱਲੀ ਜਾਣ ਵਾਲੀ ਫ਼ਲਾਈਟ ਨੂੰ ਰੱਦ ਕਰ ਦਿੱਤਾ। ਏਅਰਲਾਈਨ ਨੇ ਕਿਹਾ ਕਿ ਪ੍ਰਭਾਵਿਤ ਯਾਤਰੀਆਂ ਨੂੰ ਜਲਦੀ ਤੋਂ ਜਲਦੀ ਜੰਜਟ ਲਈ ਬਦਲਵੇਂ ਪ੍ਰਬੰਧ (ਬਾਕੀ ਸਫ਼ਾ 2 ਤੇ)

ਕੱਚੇ ਤੇਲ ਦੀਆਂ ਕੀਮਤਾਂ 'ਚ ਨਰਮੀ ਕਾਰਨ ਸ਼ੇਅਰ ਬਾਜ਼ਾਰ ਉਛਲਿਆ; ਰੁਪਏ 'ਚ ਸੁਧਾਰ

ਮੁੰਬਈ, 21 ਮਈ (ਪੈਗਾਮ-ਏ-ਜਗਤ)

ਆਲਮੀ ਪੱਧਰ 'ਤੇ ਬਾਜ਼ਾਰਾਂ ਵਿੱਚ ਸਕਾਰਾਤਮਕ ਰੁਝਾਨ ਅਤੇ ਕੱਚੇ ਤੇਲ ਦੀਆਂ ਕੀਮਤਾਂ ਵਿੱਚ ਆਈ ਨਰਮੀ ਦੇ ਚੱਲਦਿਆਂ ਵੀਰਵਾਰ ਨੂੰ ਸ਼ੁਰੂਆਤੀ ਕਾਰੋਬਾਰ ਦੌਰਾਨ ਘਰੇਲੂ ਸ਼ੇਅਰ ਬਾਜ਼ਾਰ ਤੇਜ਼ੀ ਨਾਲ ਉੱਪਰ ਚੜ੍ਹੇ। ਪੱਛਮੀ ਏਸ਼ੀਆ (ਮੱਧ ਪੂਰਬ) ਦਾ ਵਿਵਾਦ ਜਲਦੀ ਸ਼ੁਰੂਆਤ ਹੋਣ ਦੀਆਂ ਉਮੀਦਾਂ ਵਿਚਕਾਰ ਬੁੱਚਮਾਰਕ ਇਕੁਇਟੀ ਸੂਚਕਾਂਕ ਵਾਧੇ ਨਾਲ ਕਾਰੋਬਾਰ ਕਰਦੇ ਦੇਖੇ ਗਏ, ਜਿਸ ਤਹਿਤ 30 ਸ਼ੇਅਰਾਂ ਵਾਲਾ ਬੀਐੱਸਈ ਸੈਂਸੈਕਸ 327.74 ਅੰਕ ਚੜ੍ਹ ਕੇ 75,646.13 'ਤੇ ਪਹੁੰਚ ਗਿਆ, ਜਦੋਂ ਕਿ 50 ਸ਼ੇਅਰਾਂ ਵਾਲਾ ਐੱਨਐੱਸਈ ਨਿਫਟੀ 111.75 ਅੰਕਾਂ ਦੇ ਉਛਾਲ ਨਾਲ 23,772.05 'ਤੇ ਕਾਰੋਬਾਰ ਕਰ ਰਿਹਾ ਸੀ।

ਸੈਂਸੈਕਸ ਦੀਆਂ ਪ੍ਰਮੁੱਖ ਕੰਪਨੀਆਂ ਵਿੱਚੋਂ ਇੰਟਰਗਲੋਬ ਐਵੀਏਸ਼ਨ, ਭਾਰਤ ਇਲੈਕਟ੍ਰੋਨਿਕਸ, ਏਸ਼ੀਅਨ ਪੇਂਟਸ, ਟਾਟਾ ਸਟੀਲ ਅਤੇ ਲਾਰਸਨ ਐਂਡ ਟੂਬਰੋ ਦੇ ਸ਼ੇਅਰਾਂ ਵਿੱਚ ਤੇਜ਼ੀ ਦੇਖਣ ਨੂੰ ਮਿਲੀ, ਜਦੋਂ ਕਿ ਟ੍ਰੈਂਟ, ਇਨਫੋਸਿਸ, ਸਨ ਫਾਰਮਾ ਅਤੇ ਬਜਾਜ ਫਿਨਸਰਵ ਦੇ ਸ਼ੇਅਰਾਂ ਵਿੱਚ ਗਿਰਾਵਟ ਦਰਜ ਕੀਤੀ ਗਈ।

ਦੂਜੇ ਪਾਸੇ ਵਿਦੇਸ਼ੀ ਮੁਦਰਾ

ਬਾਜ਼ਾਰ ਵਿੱਚ ਵੀਰਵਾਰ ਨੂੰ ਭਾਰਤੀ ਰੁਪਿਆ ਅਮਰੀਕੀ ਡਾਲਰ ਦੇ ਮੁਕਾਬਲੇ ਆਪਣੇ ਸਰਬਕਾਲੀ ਹੇਠਲੇ ਪੱਧਰ ਤੋਂ ਉੱਭਰਦਿਆਂ 41 ਪੈਸੇ ਦੀ ਮਜ਼ਬੂਤੀ ਨਾਲ 96.45 'ਤੇ ਪਹੁੰਚ ਗਿਆ। ਬੁੱਧਵਾਰ ਨੂੰ ਰੁਪਿਆ ਡਾਲਰ ਦੇ ਮੁਕਾਬਲੇ 96.86 ਦੇ ਰਿਕਾਰਡ ਹੇਠਲੇ ਪੱਧਰ 'ਤੇ ਬੰਦ ਹੋਇਆ ਸੀ ਅਤੇ ਕਾਰੋਬਾਰ ਦੌਰਾਨ 96.95 ਤੱਕ ਟੁੱਟ ਗਿਆ ਸੀ।

ਅੰਮ੍ਰਿਤਸਰ ਵਿੱਚ 40 ਕਰੋੜ ਰੁਪਏ ਦੀ ਹੈਰੋਇਨ ਬਰਾਮਦ, 2 ਗ੍ਰਿਫ਼ਤਾਰ

- 4 ਪਿਸਤੌਲ ਜ਼ਬਤ, ਮੁਲਜ਼ਮ ਸਰਹੱਦ ਪਾਰ ਦੇ ਤਸਕਰ ਦੇ ਸੰਪਰਕ ਵਿੱਚ ਸਨ: ਡੀਜੀਪੀ ਯਾਦਵ

ਅੰਮ੍ਰਿਤਸਰ, 21 ਮਈ (ਪੈਗਾਮ-ਏ-ਜਗਤ)

ਪੰਜਾਬ ਨੂੰ ਇੱਕ ਸੁਰੱਖਿਅਤ ਸੂਬਾ ਬਣਾਉਣ ਦੇ ਉਦੇਸ਼ ਨਾਲ ਚੱਲ ਰਹੀ ਮੁਹਿਮ ਦੇ ਹਿੱਸੇ ਵਜੋਂ, ਕਾਊਂਟਰ ਇੰਟੈਲੀਜੈਂਸ (ਸੀਆਈ) ਅੰਮ੍ਰਿਤਸਰ ਨੇ ਦੋ ਭਰਾਵਾਂ ਨੂੰ 5.5 ਕਿਲੋਗ੍ਰਾਮ ਹੈਰੋਇਨ, ਚਾਰ ਪਿਸਤੌਲ ਅਤੇ 10 ਜ਼ਿੰਦਾ ਕਾਰਤੂਸਾਂ ਨਾਲ ਗ੍ਰਿਫ਼ਤਾਰ ਕਰਕੇ ਇੱਕ ਨਸ਼ੀਲੇ ਪਦਾਰਥਾਂ ਅਤੇ ਹਥਿਆਰਾਂ ਦੀ ਜ਼ਬਤ ਤੋਂ ਇਲਾਵਾ, ਪੁਲਿਸ ਟੀਮਾਂ ਨੇ ਉਨ੍ਹਾਂ ਦਾ ਕਾਲਾ ਹੀਰੋ ਸਪਲੈਂਡਰ ਮੋਟਰਸਾਈਕਲ (ਪੀਬੀ 02 ਐਕਸੀ 8820) ਵੀ ਜ਼ਬਤ ਕੀਤਾ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਿਆ ਹੈ ਕਿ ਗ੍ਰਿਫ਼ਤਾਰ ਕੀਤੇ

ਵਿਅਕਤੀਆਂ ਦੀ ਪਛਾਣ ਬੋਬੀ ਸਿੰਘ ਅਤੇ ਹਰਜੀਤ ਸਿੰਘ ਵਜੋਂ ਹੋਈ ਹੈ, ਦੋਵੇਂ ਪਿੰਡ ਰੋਪੇ, ਅਜਨਾਲਾ (ਅੰਮ੍ਰਿਤਸਰ) ਦੇ ਰਹਿਣ ਵਾਲੇ ਹਨ। ਨਸ਼ੀਲੇ ਪਦਾਰਥਾਂ ਅਤੇ ਹਥਿਆਰਾਂ ਦੀ ਜ਼ਬਤ ਤੋਂ ਇਲਾਵਾ, ਪੁਲਿਸ ਟੀਮਾਂ ਨੇ ਉਨ੍ਹਾਂ ਦਾ ਕਾਲਾ ਹੀਰੋ ਸਪਲੈਂਡਰ ਮੋਟਰਸਾਈਕਲ (ਪੀਬੀ 02 ਐਕਸੀ 8820) ਵੀ ਜ਼ਬਤ ਕੀਤਾ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਿਆ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਦੋਸ਼ੀ ਸਰਹੱਦ ਪਾਰ ਦੇ ਤਸਕਰਾਂ ਦੇ ਸੰਪਰਕ ਵਿੱਚ ਸਨ ਅਤੇ ਉਨ੍ਹਾਂ ਨੂੰ ਹਥਿਆਰਾਂ ਅਤੇ ਗੋਲਾ ਬਾਰੂਦ ਦੀਆਂ ਖੇਪਾਂ ਮਿਲੀਆਂ ਸਨ, ਜੋ ਕਿ ਰਾਜ ਦੇ ਅੰਦਰ ਅੱਗੇ ਸਪਲਾਈ ਕੀਤੀਆਂ ਜਾਣੀਆਂ ਸਨ।

ਕਾਰਵਾਈ ਦੇ ਵੇਰਵੇ ਸਾਂਝੇ ਕਰਦਿਆਂ ਉਨ੍ਹਾਂ ਦੱਸਿਆ ਕਿ ਸੀਆਈ ਅੰਮ੍ਰਿਤਸਰ ਨੂੰ ਭਰੋਸੇਯੋਗ ਸੂਚਨਾ ਮਿਲੀ ਸੀ ਕਿ ਸ਼ੱਕੀ ਬੋਬੀ ਅਤੇ ਹਰਜੀਤ ਨੂੰ ਹਾਲ ਹੀ ਵਿੱਚ ਹਥਿਆਰਾਂ ਅਤੇ ਗੋਲਾ ਬਾਰੂਦ ਦੀ ਇੱਕ ਖੇਪ (ਬਾਕੀ ਸਫ਼ਾ 2 ਤੇ)

ਅੰਮ੍ਰਿਤਸਰ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਵਿਦੇਸ਼ੀ ਮਹਿਲਾ ਕੋਲੋਂ 40 ਹਜ਼ਾਰ ਡਾਲਰ ਬਰਾਮਦ

ਅੰਮ੍ਰਿਤਸਰ, 21 ਮਈ (ਪੈਗਾਮ-ਏ-ਜਗਤ)

ਇੱਕ ਮਾਸ ਖ਼ੁਫ਼ੀਆ ਜਾਣਕਾਰੀ ਦੇ ਆਧਾਰ 'ਤੇ ਵੱਡੀ ਕਾਰਵਾਈ ਕਰਦੇ ਹੋਏ ਡਾ.ਆਰ.ਆਈ. ਅੰਮ੍ਰਿਤਸਰ ਖੇਤਰੀ ਇਕਾਈ ਦੇ ਅਧਿਕਾਰੀਆਂ ਨੇ ਸਥਾਨਕ ਸ੍ਰੀ ਗੁਰੂ ਰਾਮਦਾਸ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਉਜ਼ਬੇਕਿਸਤਾਨ ਦੀ ਇੱਕ ਮਹਿਲਾ ਵਿਦੇਸ਼ੀ ਨਾਗਰਿਕ ਕੋਲੋਂ 40 ਹਜ਼ਾਰ ਅਮਰੀਕੀ ਡਾਲਰ ਦੀ ਵਿਦੇਸ਼ੀ ਮੁਦਰਾ ਬਰਾਮਦ ਕੀਤੀ ਹੈ।

ਅਧਿਕਾਰੀਆਂ ਨੇ ਦੱਸਿਆ ਕਿ ਇਹ ਮਹਿਲਾ ਯਾਤਰੀ ਅੰਮ੍ਰਿਤਸਰ ਤੋਂ ਦੁਬਈ ਜਾਣ ਵਾਲੀ ਏਅਰ ਇੰਡੀਆ ਐਕਸਪ੍ਰੇਸ ਦੀ ਫ਼ਲਾਈਟ 'ਤੇ ਸਵਾਰ ਹੋ ਕੇ ਜਾ ਰਹੀ ਸੀ। ਉਹ ਆਪਣੇ ਸਾਮਾਨ ਵਿੱਚ ਵਿਦੇਸ਼ੀ ਮੁਦਰਾ ਲੁਕਾ ਕੇ ਤਸਕਰੀ ਕਰਨ ਦੀ ਕੋਸ਼ਿਸ਼ ਕਰ ਰਹੀ ਸੀ। ਸ਼ੱਕ ਹੋਣ 'ਤੇ ਜਦੋਂ ਉਸ ਦੇ ਸਮਾਨ ਦੀ ਬਾਰੀਕੀ ਨਾਲ ਤਲਾਸ਼ੀ ਲਈ ਗਈ, ਤਾਂ ਉਸ ਵਿੱਚੋਂ 40,000 ਅਮਰੀਕੀ ਡਾਲਰ ਦੇ ਰੂਪ ਵਿੱਚ ਵਿਦੇਸ਼ੀ ਕਰੰਸੀ ਬਰਾਮਦ ਹੋਈ। ਡਾਰਤੀ ਬਾਜ਼ਾਰ ਵਿੱਚ ਇਸ ਬਰਾਮਦ ਕੀਤੀ ਗਈ ਵਿਦੇਸ਼ੀ ਮੁਦਰਾ ਦੀ ਕੀਮਤ 38,73,764 ਰੁਪਏ\2 ਦੱਸੀ ਜਾ ਰਹੀ ਹ

ਪੀ.ਐਚ.ਸੀ. ਬੂਥਗੜ੍ਹ ਵਿਖੇ ਮਰੀਜ਼ਾਂ ਨੂੰ ਗਰਮੀ ਤੋਂ ਬਚਣ ਲਈ ਦਿਤੇ ਨੁਸਖ਼ੇ

- ਤਰਲ ਪਦਾਰਥਾਂ ਦਾ ਵਧੇਰੇ ਸੇਵਨ ਕਰਨ ਦੀ ਅਪੀਲ

ਮਾਜਰੀ/ਸਾਹਿਬਜ਼ਾਦਾ ਅਜੀਤ ਸਿੰਘ ਨਗਰ, 21 ਮਈ (ਪੈਗ਼ਾਮ-ਏ-ਜਗਤ)

ਪ੍ਰਾਇਮਰੀ ਹੈਲਥ ਸੈਂਟਰ ਬੂਥਗੜ੍ਹ ਵਿਖੇ ਮਰੀਜ਼ਾਂ ਅਤੇ ਹੋਰ ਲੋਕਾਂ ਨੂੰ ਤਿੱਖੀ ਗਰਮੀ ਤੋਂ ਬਚਾਅ ਲਈ ਸਾਵਧਾਨੀਆਂ ਵਰਤਣ ਸਬੰਧੀ ਜਾਗਰੂਕ ਕੀਤਾ ਗਿਆ। ਸੀਨੀਅਰ ਮੈਡੀਕਲ ਅਫ਼ਸਰ ਡਾ. ਅਲਕਜੋਤ ਕੌਰ ਦੀ ਅਗਵਾਈ ਹੇਠ ਡਾ. ਅਰੂਣ ਬਾਂਸਲ ਨੇ ਆਪਣੇ ਸੰਬੋਧਨ ਵਿਚ ਆਖਿਆ ਕਿ ਅੱਜਕਲ੍ਹ ਲੂੰ ਦਾ ਮੌਸਮ ਚੱਲ ਰਿਹਾ ਹੈ, ਜਿਸ ਦੌਰਾਨ ਵੱਧ ਤੋਂ ਵੱਧ ਤਰਲ ਪਦਾਰਥਾਂ ਦਾ ਸੇਵਨ ਕੀਤਾ ਜਾਵੇ, ਜਿਨ੍ਹਾਂ 'ਚ

ਸਾਦਾ ਪਾਣੀ, ਲੱਸੀ, ਨਿੰਬੂ ਪਾਣੀ, ਜੂਸ, ਨਾਰੀਅਲ ਦਾ ਪਾਣੀ, ਓ.ਆਰ.ਐਸ. ਦਾ ਘੋਲ ਆਦਿ ਸ਼ਾਮਲ ਹਨ।

ਉਨ੍ਹਾਂ ਲੋਕਾਂ ਨੂੰ ਸਲਾਹ ਦਿੱਤੀ ਕਿ ਦੁਪਹਿਰ 12 ਵਜੇ ਤੋਂ 3 ਵਜੇ ਤਕ ਜਾਂ ਸਿਧਰ ਦੁਪਹਿਰ ਬਾਹਰ ਨਿਕਲਣ ਤੋਂ ਪ੍ਰਹੇਜ਼ ਕੀਤਾ ਜਾਵੇ, ਕਿਉਂਕਿ ਇਸ ਸਮੇਂ ਦੌਰਾਨ ਸੂਰਜੀ ਤਪਸ਼ ਬਹੁਤ ਜ਼ਿਆਦਾ ਹੁੰਦੀ ਹੈ। ਇਸ ਤੋਂ ਇਲਾਵਾ, ਬੱਚਿਆਂ ਅਤੇ ਬਜ਼ੁਰਗਾਂ ਦਾ ਖ਼ਾਸ ਖ਼ਿਆਲ ਰੱਖਿਆ ਜਾਵੇ। ਉਨ੍ਹਾਂ ਦੱਸਿਆ ਕਿ ਦਿਨ ਵੇਲੇ ਘਰਾਂ ਦੀਆਂ ਤਾਕੀਆਂ ਅਤੇ ਦਰਵਾਜ਼ੇ ਬੰਦ ਰੱਖੇ ਜਾਣ ਅਤੇ ਬਾਹਰ ਨਿਕਲਣ ਸਮੇਂ ਸਿਰ ਢੱਕਿਆ ਜਾਵੇ ਤੇ ਐਨਕ ਲਾਈ ਜਾਵੇ। ਜੇਕਰ ਬਾਹਰ ਹੋ ਤਾਂ ਬੈਠਣ ਲਈ ਠੰਢੀ ਥਾਂ ਲੱਭੋ ਜਿਵੇਂ ਰੁੱਖ ਜਾਂ ਹੋਰ ਛਾਂਦਾਰ ਥਾਂ। ਨੰਗੇ ਪੈਰ ਬਾਹਰ ਨਾ ਜਾਉ। ਹਰ ਅੱਧੇ ਘੰਟੇ ਬਾਅਦ ਪਾਣੀ ਪੀਉ। ਧੁੱਪ ਵਿਚ ਜਾਣ ਵੇਲੇ ਪਾਣੀ ਨਾਲ ਲੈ ਕੇ ਜਾਉ। ਤਲੇ, ਬਾਹਰਲੇ ਅਤੇ ਬਾਸੀ ਖਾਣੇ ਤੋਂ ਪ੍ਰਹੇਜ਼ ਕੀਤਾ ਜਾਵੇ। ਉਨ੍ਹਾਂ ਅੱਗੇ ਕਿਹਾ ਕਿ ਗਰਮੀ ਦੇ ਸਿਧਰ ਦੇ ਸਮੇਂ ਖਾਣਾ ਬਣਾਉਣ ਤੋਂ ਬਚੋ। ਗੜੇਜੀ ਦੇ ਖੇਤਰ ਨੂੰ ਹਵਾਦਾਰ ਰੱਖੋ। ਬੱਚਿਆਂ ਤੇ ਜਾਨਵਰਾਂ ਨੂੰ ਪਾਰਕ ਕੀਤੇ ਵਾਹਨ ਵਿਚ ਨਾ ਛੱਡੋ। ਤਿੱਖੀ ਧੁੱਪ ਵਿਚ ਨਾ ਜਾਉ। ਸ਼ਰਾਬ, ਚਾਹ, ਕੌਫ਼ੀ ਆਦਿ ਤੋਂ ਪਰਹੇਜ਼ ਕਰੋ। ਬਾਸੀ ਖਾਣਾ ਨਾ ਖਾਉ। ਜਿੰਨਾ ਹੋ ਸਕੇ, ਸਘਣ ਸਰੀਰਕ ਸਰਗਰਮੀ ਤੋਂ ਬਚੋ। ਇਸ ਮੌਕੇ ਡਾ. ਤਪਿਦਰ ਸਿੰਘ ਵੀ ਮੌਜੂਦ ਸਨ।

ਓ.ਐਸ.ਡੀ. ਸੁਖਵੀਰ ਸਿੰਘ ਨੇ ਧੂਰੀ ਦੇ ਵਾਰਡ ਨੰਬਰ 4, 7, 10 ਤੇ 13 'ਚ ਕੀਤਾ ਚੋਣ ਪ੍ਰਚਾਰ

- ਧੂਰੀ ਸ਼ਹਿਰ 'ਚ ਹੋਏ ਵਿਕਾਸ ਦੇ ਆਧਾਰ ਤੇ ਸ਼ਹਿਰ ਵਾਸੀਆਂ ਨੂੰ ਵੋਟ ਪਾਉਣ ਦੀ ਕੀਤੀ ਅਪੀਲ

ਧੂਰੀ, 21 ਮਈ (ਪੈਗ਼ਾਮ-ਏ-ਜਗਤ)

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਵੱਲੋਂ ਧੂਰੀ ਸ਼ਹਿਰ ਦੇ ਵੱਖ-ਵੱਖ ਵਾਰਡਾਂ ਵਿੱਚ ਕੀਤੇ ਜਾ ਰਹੇ ਚੋਣ ਪ੍ਰਚਾਰ ਦੌਰਾਨ ਉਨ੍ਹਾਂ ਵੱਲੋਂ ਵਾਰਡ ਨੰਬਰ 4, 7, 10 ਅਤੇ 13 ਵਿੱਚ ਪਾਰਟੀ ਉਮੀਦਵਾਰਾਂ ਦੇ ਹੱਕ ਵਿੱਚ ਪ੍ਰਚਾਰ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਦੇ ਨਾਲ ਚੇਅਰਮੇਨ ਦਲਬੀਰ ਸਿੰਘ ਢਿੱਲੋਂ, ਚੇਅਰਮੇਨ ਰਾਜਵੰਤ ਸਿੰਘ ਘੁੱਲੀ, ਡਾ. ਅਨਵਰ ਭਸੋੜ, ਚੇਅਰਮੇਨ ਰਣਜੋਧ ਸਿੰਘ ਕਾਂਝਲਾ, ਸਰਪੰਚ ਦਵਿੰਦਰ ਸਿੰਘ ਧੂਰਾ ਅਤੇ ਹਰਸਿਦਰ ਸਿੰਘ

ਕਾਂਝਲਾ ਵੀ ਮੌਜੂਦ ਰਹੇ।

ਵਾਰਡ ਨੰਬਰ 7 ਵਿੱਚ ਆਪ ਉਮੀਦਵਾਰ ਸਿਮਰਨ ਕੌਰ ਦੇ ਹੱਕ ਵਿੱਚ ਚੋਣ ਪ੍ਰਚਾਰ ਕਰਦਿਆਂ ਸੁਖਵੀਰ ਸਿੰਘ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵਿਕਾਸ ਦੇ ਮੁੱਦੇ 'ਤੇ ਵੋਟ ਪਾਉਣ ਅਤੇ ਪਾਰਟੀ ਨੂੰ ਭਾਰੀ ਬਹੁਮਤ ਨਾਲ ਜਿਤਾਉਣ।

ਵਾਰਡ ਨੰਬਰ 4 ਵਿੱਚ ਪਾਰਟੀ ਦੇ ਉਮੀਦਵਾਰ ਐਡਵੋਕੇਟ ਰਾਜੀਵ ਸ਼ਰਮਾ ਦੇ ਸਮਰਥਨ ਵਿੱਚ ਰੱਖੀ ਗਈ ਜਨ ਸਭਾ ਵਿੱਚ ਸ਼ਮੂਲੀਅਤ ਕਰਦਿਆਂ ਉਨ੍ਹਾਂ ਕਿਹਾ ਕਿ ਗਰਮੀ ਦੇ ਬਾਵਜੂਦ ਮਾਵਾਂ-ਭੈਣਾਂ ਅਤੇ ਬਜ਼ੁਰਗਾਂ ਵੱਲੋਂ ਮਿਲ ਰਿਹਾ ਪਿਆਰ ਅਤੇ ਆਸ਼ੀਰਵਾਦ ਸਪਸ਼ਟ ਕਰਦਾ ਹੈ ਕਿ ਇਸ ਵਾਰ ਵੀ ਜਿੱਤ ਪਾਰਟੀ ਦੀ ਹੀ ਹੋਵੇਗੀ।

ਵਾਰਡ ਨੰਬਰ 13 ਵਿੱਚ ਉਮੀਦਵਾਰ ਆਸ਼ਾ ਰਾਣੀ ਦੇ ਹੱਕ ਵਿੱਚ ਹੋਈ ਮੀਟਿੰਗ ਦੌਰਾਨ ਕਈ ਨੌਜਵਾਨਾਂ ਨੂੰ ਪਾਰਟੀ ਵਿੱਚ ਸ਼ਾਮਲ ਕਰਵਾਇਆ ਗਿਆ। ਸੁਖਵੀਰ ਸਿੰਘ ਨੇ ਕਿਹਾ ਕਿ ਲੋਕਾਂ ਵੱਲੋਂ ਮਿਲ ਰਿਹਾ ਵੱਡਾ ਸਮਰਥਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਲੋਕ-ਹਿਤੈਸ਼ੀ ਨੀਤੀਆਂ 'ਤੇ ਵਿਸ਼ਵਾਸ ਦਾ ਪ੍ਰਤੀਕ ਹੈ।

ਇਸ ਤੋਂ ਇਲਾਵਾ ਵਾਰਡ ਨੰਬਰ 10 ਵਿੱਚ ਉਮੀਦਵਾਰ ਵਿਕਰਾਂਤ ਸਿੰਘ ਦੇ ਨਾਲ ਸਥਾਨਕ ਵਾਸੀਆਂ ਦੀਆਂ ਸਮੱਸਿਆਵਾਂ ਸੁਣਦਿਆਂ ਉਨ੍ਹਾਂ ਭਰੋਸਾ ਦਿਵਾਇਆ ਕਿ ਹਰ ਸਮੱਸਿਆ ਦਾ ਜਲਦ ਹੱਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਧੂਰੀ ਦਾ ਹਰ ਇੱਕ ਘਰ ਸਾਡੇ ਆਪਣੇ ਘਰ ਵਰਗਾ ਹੈ ਅਤੇ ਲੋਕਾਂ ਦੀ ਸੇਵਾ ਹੀ ਸਾਡੀ ਪਹਿਲ ਹੈ। ਸੁਖਵੀਰ ਸਿੰਘ ਨੇ ਕਿਹਾ ਕਿ ਧੂਰੀ ਸ਼ਹਿਰ ਵਿੱਚ ਹੋਏ ਵਿਕਾਸ ਕਾਰਜਾਂ ਦੇ ਆਧਾਰ 'ਤੇ ਲੋਕਾਂ ਵੋਟ ਪਾਉਣ ਅਤੇ ਆਉਣ ਵਾਲੇ ਸਮੇਂ ਵਿੱਚ ਧੂਰੀ ਨੂੰ ਇੱਕ ਮਾਡਲ ਸ਼ਹਿਰ ਵਜੋਂ ਵਿਕਸਤ ਕਰਨ ਲਈ ਕੰਮ ਜੰਗੀ ਪੱਧਰ 'ਤੇ ਜਾਰੀ ਰਹੇਗਾ।

ਐਸ.ਏ.ਐਸ. ਨਗਰ ਵਿੱਚ ਪੈਟਰੋਲ/ਡੀਜ਼ਲ ਅਤੇ ਐਲ.ਪੀ.ਜੀ. ਦੀ ਕੋਈ ਘਾਟ ਨਹੀਂ

- ਡੀ.ਸੀ. ਵੱਲੋਂ ਲੋਕਾਂ ਨੂੰ ਤੇਲ ਅਤੇ ਗੈਸ ਦੀ ਸੁਝਬੂਝ ਨਾਲ ਵਰਤੋਂ ਕਰਨ ਅਤੇ ਜਮ੍ਹਾਂਖੋਰੀ ਤੋਂ ਗ਼ੁਰੇਜ਼ ਕਰਨ ਦੀ ਅਪੀਲ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, 21 ਮਈ (ਪੈਗ਼ਾਮ-ਏ-ਜਗਤ)

ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਅੱਜ ਸਪੱਸ਼ਟ ਕੀਤਾ ਕਿ ਜ਼ਿਲ੍ਹਾ ਐਸ.ਏ.ਐਸ. ਨਗਰ ਵਿੱਚ ਪੈਟਰੋਲੀਅਮ ਉਤਪਾਦਾਂ ਅਤੇ ਘਰੇਲੂ ਐਲ.ਪੀ.ਜੀ. ਗੈਸ ਦੀ ਕੋਈ ਘਾਟ ਨਹੀਂ ਹੈ ਅਤੇ ਲੋਕਾਂ ਨੂੰ ਘਬਰਾਹਟ ਵਿੱਚ ਆ ਕੇ ਬੇਲੋੜੀ ਖਰੀਦਦਾਰੀ ਜਾਂ ਤੇਲ/ਗੈਸ ਦੀ ਜਮ੍ਹਾਂਖੋਰੀ ਨਾ ਕਰਨ ਦੀ ਅਪੀਲ ਕੀਤੀ।

ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਪੈਟਰੋਲ ਪੰਪ ਡੀਲਰਾਂ ਅਤੇ ਘਰੇਲੂ ਗੈਸ ਕੰਪਨੀਆਂ ਦੇ ਨੁਮਾਇੰਦਿਆਂ ਅਤੇ ਸੋਲਜ਼ ਮੋਨੋਜਰਾਂ ਨਾਲ ਮੀਟਿੰਗ ਦੀ ਅਗਵਾਈ ਕਰਦਿਆਂ ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਵਿੱਚ ਪੈਟਰੋਲ, ਡੀਜ਼ਲ ਅਤੇ ਐਲ.ਪੀ.ਜੀ. ਸਿਲੰਡਰਾਂ ਦੀ ਉਪਲਬਧਤਾ ਅਤੇ ਸਪਲਾਈ ਸਥਿਤੀ ਦਾ ਜਾਇਜ਼ਾ ਲਿਆ।

ਉਨ੍ਹਾਂ ਦੱਸਿਆ ਕਿ ਪੈਟਰੋਲ, ਡੀਜ਼ਲ ਅਤੇ ਐਲ.ਪੀ.ਜੀ. ਦੇ ਲੋੜੀਂਦੇ ਸਟਾਕ ਉਪਲਬਧ ਹਨ ਅਤੇ ਜ਼ਿਲ੍ਹੇ ਦੇ ਸਾਰੇ ਹਿੱਸਿਆਂ ਵਿੱਚ ਨਿਯਮਿਤ ਸਪਲਾਈ ਜਾਰੀ ਹੈ। ਉਨ੍ਹਾਂ ਸੰਬੰਧਤ ਕੰਪਨੀਆਂ ਅਤੇ ਡੀਲਰਾਂ ਨੂੰ ਨਿਰਵਿਘਨ ਸਪਲਾਈ ਯਕੀਨੀ ਬਣਾਉਣ ਅਤੇ ਕਿਸੇ ਵੀ ਤਰ੍ਹਾਂ ਦੀ ਬਣਾਵਟੀ ਕਮੀ ਜਾਂ ਕਾਲਾਬਾਜ਼ਾਰੀ ਉੱਤੇ ਸਖ਼ਤ ਨਿਗਰਾਨੀ ਰੱਖਣ ਦੇ ਨਿਰਦੇਸ਼ ਦਿੱਤੇ।

ਸ਼ਰੀਮਤੀ ਮਿੱਤਲ ਨੇ ਲੋਕਾਂ ਨੂੰ ਤੇਲ/ਗੈਸ ਦੀ ਸੁਝਬੂਝ ਨਾਲ ਅਤੇ ਲੋੜ ਅਨੁਸਾਰ ਵਰਤੋਂ ਕਰਨ ਅਤੇ ਪੈਟਰੋਲ ਪੰਪਾਂ ਅਤੇ ਗੈਸ ਏਜੰਸੀਆਂ 'ਤੇ ਬੇਲੋੜੀ ਭੀੜ ਨਾ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਤੇਲ/ਗੈਸ ਦੀ ਘਾਟ ਸਬੰਧੀ ਅਫਵਾਹਾਂ 'ਤੇ ਵਿਸ਼ਵਾਸ ਨਾ ਕੀਤਾ ਜਾਵੇ ਅਤੇ ਨਾ ਹੀ ਉਹਨਾਂ ਨੂੰ ਫੈਲਾਇਆ ਜਾਵੇ, ਕਿਉਂਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਥਿਤੀ 'ਤੇ ਲਗਾਤਾਰ ਨਿਗਰਾਨੀ ਰੱਖੀ ਜਾ ਰਹੀ ਹੈ। ਡਿਪਟੀ ਕਮਿਸ਼ਨਰ ਨੇ ਹੋਰ ਦੱਸਿਆ ਕਿ ਸਾਰੇ ਪੈਟਰੋਲ ਪੰਪਾਂ ਅਤੇ ਗੈਸ ਏਜੰਸੀਆਂ ਨੂੰ ਸੁਚਾਰੂ ਵੰਡ ਯਕੀਨੀ ਬਣਾਉਣ ਅਤੇ ਸਪਲਾਈ ਸਟਾਕਿੰਗ ਨਾਲ ਸਬੰਧਤ ਕਿਸੇ ਵੀ ਸਮੱਸਿਆ ਦੀ ਤੁਰੰਤ ਜਾਣਕਾਰੀ ਦੇਣ ਦੇ ਨਿਰਦੇਸ਼ ਜਾਰੀ ਕੀਤੇ ਗਏ ਹਨ ਇਸ ਮੀਟਿੰਗ ਵਿੱਚ ਡੀ.ਐੱਫ.ਐੱਸ.ਸੀ. ਵਰਿੰਦਰ ਕੁਮਾਰ ਅਤੇ ਵੱਖ-ਵੱਖ ਪੈਟਰੋਲੀਅਮ ਅਤੇ ਗੈਸ ਕੰਪਨੀਆਂ ਦੇ ਨੁਮਾਇੰਦੇ ਵੀ ਹਾਜ਼ਰ ਸਨ।

ਵੈਟਰਨਰੀ ਇੰਸਪੈਕਟਰ ਭਰਤੀ ਵਿੱਚ ਸੋਧ ਦਾ ਮੌਕਾ ਦੇਣ ਦੀ ਮੰਗ, ਵਿਦਿਆਰਥੀਆਂ ਨੇ ਮੁੱਖ ਮੰਤਰੀ ਕੋਲ ਲਾਈ ਗੁਹਾਰ

ਚੰਡੀਗੜ੍ਹ, 21 ਮਈ (ਪੈਗ਼ਾਮ-ਏ-ਜਗਤ)

ਪੰਜਾਬ ਵਿੱਚ ਵੈਟਰਨਰੀ ਇੰਸਪੈਕਟਰ ਭਰਤੀ (ਇਸ਼ਤਿਹਾਰ ਨੰਬਰ 10/2026) ਲਈ ਅਰਜ਼ੀਆਂ ਭਰਨ ਵਾਲੇ ਕਈ ਵਿਦਿਆਰਥੀ ਇਸ ਸਮੇਂ ਪਰੇਸ਼ਾਨੀ ਦਾ ਸਾਹਮਣਾ ਕਰ ਰਹੇ ਹਨ। ਅਰਜ਼ੀ ਪੱਤਰ ਭਰਦੇ ਸਮੇਂ ਹੋਈਆਂ ਛੋਟੀਆਂ ਮਨੁੱਖੀ ਅਤੇ ਤਕਨੀਕੀ ਗਲਤੀਆਂ ਕਾਰਨ ਉਮੀਦਵਾਰਾਂ ਵਿੱਚ ਚਿੰਤਾ ਅਤੇ ਨਿਰਾਸ਼ਾ ਦਾ ਮਾਹੌਲ ਬਣਿਆ ਹੋਇਆ ਹੈ। ਵਿਦਿਆਰਥੀਆਂ ਨੇ ਇਸ ਮਾਮਲੇ ਵਿੱਚ ਪੰਜਾਬ ਦੇ ਮੁੱਖ ਮੰਤਰੀ ਕੋਲ ਦਖਲ ਦੀ ਮੰਗ ਕਰਦਿਆਂ ਜਲਦ ਰਾਹਤ ਦੇਣ ਦੀ ਅਪੀਲ ਕੀਤੀ ਹੈ।

ਵਿਦਿਆਰਥੀਆਂ ਦਾ ਕਹਿਣਾ ਹੈ ਕਿ ਅਰਜ਼ੀ ਪ੍ਰਕਿਰਿਆ ਦੌਰਾਨ ਕਈ ਉਮੀਦਵਾਰਾਂ ਤੋਂ ਆਧਾਰ ਨੰਬਰ, ਪਹਿਚਾਣ ਪੱਤਰ ਸੰਬੰਧੀ ਜਾਣਕਾਰੀ, ਪੰਜਾਬ ਨਿਵਾਸ ਨਾਲ ਸੰਬੰਧਿਤ ਜਾਣਕਾਰੀ, ਪੜ੍ਹਾਈ ਦੇ ਵੇਰਵਿਆਂ ਅਤੇ ਹੋਰ ਨਿੱਜੀ ਜਾਣਕਾਰੀਆਂ ਵਿੱਚ ਛੋਟੀਆਂ ਗਲਤੀਆਂ ਹੋ ਗਈਆਂ। ਪਰ ਭਰਤੀ ਪੋਰਟਲ ਉੱਤੇ ਇਨ੍ਹਾਂ ਗਲਤੀਆਂ ਨੂੰ ਠੀਕ ਕਰਨ ਲਈ ਕਿਸੇ ਕਿਸਮ ਦੀ ਸੋਧ ਸਹੂਲਤ ਉਪਲਬਧ ਨਹੀਂ ਕਰਵਾਈ ਗਈ। ਇਸ ਤੋਂ ਇਲਾਵਾ ਇੱਕੋ ਜਾਣਕਾਰੀ ਨੂੰ ਕਈ ਵਾਰ ਦਾਖ਼ਲ ਕਰਨ ਦੀ ਲੋੜ ਕਾਰਨ ਉਮੀਦਵਾਰ ਦੁਬਾਰਾ ਨਵਾਂ ਅਰਜ਼ੀ ਪੱਤਰ ਵੀ ਜਮ੍ਹਾਂ ਨਹੀਂ ਕਰਵਾ ਸਕਦੇ, ਜਿਸ ਨਾਲ ਉਹਨਾਂ ਦੀ ਪਰੇਸ਼ਾਨੀ ਹੋਰ ਵੱਧ ਗਈ ਹੈ।

ਉਮੀਦਵਾਰਾਂ ਨੇ ਦੱਸਿਆ ਕਿ ਕਈ ਵਿਦਿਆਰਥੀ ਪਿੰਡਾਂ ਨਾਲ ਸੰਬੰਧਿਤ ਹਨ ਅਤੇ ਉਹਨਾਂ ਨੇ ਖੁਦ ਹੀ ਅਰਜ਼ੀ ਪੱਤਰ ਭਰੇ ਹਨ। ਕਈ ਉਮੀਦਵਾਰ ਲੰਬੇ ਸਮੇਂ ਤੋਂ ਇਸ ਭਰਤੀ ਦੀ ਤਿਆਰੀ ਕਰ ਰਹੇ ਹਨ ਅਤੇ ਹੁਣ ਸਿਰਫ ਛੋਟੀਆਂ ਗਲਤੀਆਂ ਕਾਰਨ ਉਹਨਾਂ ਦਾ ਭਵਿੱਖ ਪੁਭਾਵਿਤ ਹੁੰਦਾ ਨਜ਼ਰ ਆ ਰਿਹਾ ਹੈ। ਵਿਦਿਆਰਥੀਆਂ ਦਾ ਕਹਿਣਾ ਹੈ ਕਿ ਇਹ ਗਲਤੀਆਂ ਜਾਣਬੂੱਝ ਕੇ ਨਹੀਂ ਹੋਈਆਂ ਸਗੋਂ ਆਮ ਮਨੁੱਖੀ ਭੁੱਲਾਂ ਹਨ, ਜਿਨ੍ਹਾਂ ਨੂੰ ਠੀਕ ਕਰਨ ਦਾ ਮੌਕਾ ਮਿਲਣਾ ਚਾਹੀਦਾ ਹੈ।

ਵਿਦਿਆਰਥੀਆਂ ਮੁਤਾਬਕ ਉਹਨਾਂ ਵੱਲੋਂ ਸਹਾਇਤਾ ਕੇਂਦਰ 'ਤੇ ਵੀ ਸੰਪਰਕ ਕੀਤਾ ਗਿਆ, ਪਰ ਉਥੋਂ ਕੋਈ ਸੰਤੋਸ਼ਜਨਕ ਹੱਲ ਨਹੀਂ ਮਿਲਿਆ। ਇਸ ਕਾਰਨ ਉਮੀਦਵਾਰਾਂ ਵਿੱਚ ਹੋਰ ਵੀ ਨਿਰਾਸ਼ਾ ਵੱਧ ਰਹੀ ਹੈ। ਕਈ ਵਿਦਿਆਰਥੀਆਂ ਨੇ ਕਿਹਾ ਕਿ ਉਹ ਦਿਨ-ਰਾਤ ਮਿਹਨਤ ਕਰਕੇ ਪ੍ਰੀਖਿਆ ਦੀ ਤਿਆਰੀ ਕਰ ਰਹੇ ਹਨ, ਪਰ ਹੁਣ ਛੋਟੀਆਂ ਤਕਨੀਕੀ ਗਲਤੀਆਂ ਕਾਰਨ ਉਹਨਾਂ ਦੀ ਮਿਹਨਤ ਵਿਅਰਥ ਜਾਂਦੀ ਦਿਖ ਰਹੀ ਹੈ।

ਉਮੀਦਵਾਰਾਂ ਨੇ ਇਹ ਵੀ ਕਿਹਾ ਕਿ ਅਰਜ਼ੀ ਦੀ ਆਖਰੀ ਮਿਤੀ ਵਿੱਚ ਹਾਲੇ ਕਰੀਬ 4 ਦਿਨ ਬਾਕੀ ਹਨ, ਇਸ ਲਈ ਸਰਕਾਰ ਚਾਹੇ ਤਾਂ ਆਸਾਨੀ ਨਾਲ ਸੋਧ ਦਾ ਮੌਕਾ ਦੇ ਸਕਦੀ ਹੈ ਜਾਂ ਦੁਬਾਰਾ ਅਰਜ਼ੀ ਕਰਨ ਦੀ ਆਗਿਆ ਦੇ ਸਕਦੀ ਹੈ। ਵਿਦਿਆਰਥੀਆਂ ਨੇ ਮੁੱਖ ਮੰਤਰੀ ਕੋਲ ਅਪੀਲ ਕੀਤੀ ਕਿ ਯੋਗ ਅਤੇ ਮਿਹਨਤੀ ਉਮੀਦਵਾਰਾਂ ਦੇ ਭਵਿੱਖ ਨੂੰ ਧਿਆਨ ਵਿੱਚ ਰੱਖਦੇ ਹੋਏ ਮਨੁੱਖੀ ਆਧਾਰ 'ਤੇ ਜਲਦ ਹੱਲ ਕੀਤਾ ਜਾਵੇ। ਵਿਦਿਆਰਥੀਆਂ ਨੇ ਕਿਹਾ ਕਿ ਜੇਕਰ ਸਰਕਾਰ ਵੱਲੋਂ ਸੋਧ ਦੀ ਸਹੂਲਤ ਜਾਂ ਦੁਬਾਰਾ ਅਰਜ਼ੀ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ ਤਾਂ ਇਸ ਨਾਲ ਯੋਗ ਉਮੀਦਵਾਰਾਂ ਨੂੰ ਰਾਹਤ ਮਿਲੇਗੀ ਅਤੇ ਭਰਤੀ ਪ੍ਰਕਿਰਿਆ ਹੋਰ ਵੱਧ ਪਾਰਦਰਸ਼ੀ ਅਤੇ ਵਿਦਿਆਰਥੀ ਹਿਤੈਸ਼ੀ ਬਣੇਗੀ।

ਸਟੇਟ ਐਵਾਰਡੀ ਪ੍ਰਿੰਸੀਪਲ ਅਮਰਬੀਰ ਸਿੰਘ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਹੌੜਾ ਵਿਖੇ ਅਹੁਦਾ ਸੰਭਾਲਿਆ

ਚੰਡੀਗੜ੍ਹ, 21 ਮਈ (ਪੈਗ਼ਾਮ-ਏ-ਜਗਤ)

ਸਟੇਟ ਐਵਾਰਡੀ ਪ੍ਰਿੰਸੀਪਲ ਅਮਰਬੀਰ ਸਿੰਘ ਨੂੰ ਸੇਵਾ ਕਾਲ ਵਿਚ ਇੱਕ ਸਾਲ ਦਾ ਵਾਧਾ ਮਿਲਣ ਉਪਰੰਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਹੌੜਾ ਵਿਖੇ ਬਤੌਰ ਪ੍ਰਿੰਸੀਪਲ ਹਾਜ਼ਰ ਹੋ ਕੇ ਚਾਰਜ ਲੈ ਲਿਆ ਹੈ। ਡਾ.ਅਮਰਬੀਰ ਸਿੰਘ ਬਤੌਰ ਲੈਕਚਰਾਰ ਫਜ਼ਿਕਸ ਸ.ਸ.ਸ.ਸ. ਤਿਉੜ , ਮਾਡਲ ਸਕੂਲ ਖਰੜ,ਬਤੌਰ ਵਿਜ਼ਾ ਮਾਹਿਰ ਐਸ ਆਈ ਐਸ ਈ,ਏ ਐਸ ਪੀ ਡੀ.ਡੀ.ਸੀ.ਐਸ ਈ. ਦਫ਼ਤਰ ਮੋਹਾਲੀ,ਸਹਾਇਕ ਡਾਇਰੈਕਟਰ ਡੀ ਐਸ ਈ ਦਫ਼ਤਰ ਮੋਹਾਲੀ, ਬਤੌਰ ਪ੍ਰਿੰਸੀਪਲ ਸਸਸਸ ਸਮਰੰਗਲੀ,ਅਤੇ ਡੈਪੂਟੇਸ਼ਨ ਚੰਡੀਗੜ੍ਹ ਸਸਸਸ ਸੈਕਟਰ 46,ਬਤੌਰ ਪ੍ਰਿੰਸੀਪਲ ਸੇਵਾ ਨਿਭਾਅ ਚੁਕੇ ਹਨ। ਡਾ.ਅਮਰਬੀਰ ਸਿੰਘ ਬਹੁਤ ਮੇਹਨਤੀ,ਇਮਾਨਦਾਰ ਅਤੇ ਵਿਦਿਆਰਥੀ ਪੰਖੀ ਅਤੇ ਸਟਾਫ ਮੈਂਬਰ ਨਾਲ ਮਿਲਣਸਾਰ ਅਤੇ ਅਨੁਸ਼ਾਸਨ ਵਿਚ ਰਹਿਕੇ ਸੇਵਾ ਨਿਭਾਅ ਵਾਲੇ ਅਧਿਕਾਰੀ ਹਨ। ਸਕੂਲ ਵਿੰਚ ਪ੍ਰਿੰਸੀਪਲ ਦਾ ਚਾਰਜ ਲੈਣ ਸਮੇਂ ਸਮੂਹ ਸਟਾਫ ਮੈਂਬਰਜ਼ ਅਤੇ ਵਿਦਿਆਰਥੀ ਹਾਜ਼ਰ ਸਨ।ਇਸ ਮੌਕੇ ਸਮੂਹ ਸਟਾਫ ਮੈਂਬਰ, ਲੈਕਚਰਾਰ ਭੂਪਿੰਦਰ ਸਿੰਘ, ਰਵਿੰਦਰ ਪਾਲ ਸਿੰਘ ਲੈਕਚਰਾਰ, ਨਰਿੰਦਰ ਸਿੰਘ, ਆਨੰਦ ਗੁਪਤਾ, ਭੂਪਿੰਦਰ ਸਿੰਘ ਗਰੇਵਾਲ, ਗੁਰਬਖਸ਼ੀਸ਼ ਸਿੰਘ ਅਤੇ ਸਤਿਕਾਰ ਯੋਗ ਸਟਾਫ ਮੈਂਬਰ ਹਾਜ਼ਰ ਸਨ।

ਡਿਪਟੀ ਕਮਿਸ਼ਨਰ ਨੇ ਅੱਤਵਾਦ ਅਤੇ ਹਿੰਸਾ ਦਾ ਡਟ ਕੇ ਵਿਰੋਧ ਕਰਨ ਦਾ ਪ੍ਰਣ ਲਿਆ

ਊਨਾ, 21 ਮਈ (ਪੈਗ਼ਾਮ-ਏ-ਜਗਤ)

'ਅੱਤਵਾਦ ਵਿਰੋਧੀ ਦਿਵਸ' ਦ

ਕੰਢੀ ਖੇਤਰ 'ਚ 20 ਕਰੋੜ ਦੀ ਲਾਗਤ ਨਾਲ ਬਣਨਗੇ ਤਿੰਨ ਪੁੱਲ : ਡਾ. ਰਾਜ ਕੁਮਾਰ ਚੱਬੇਵਾਲ

ਬੱਡਲਾ ਚੋਅ, ਮਾਂਝੀ ਚੋਅ ਅਤੇ ਭੰਗੀ ਚੋਅ 'ਤੇ ਬਣਨਗੇ 3 ਬ੍ਰਿਜ, ਪੰਜਾਬ ਸਰਕਾਰ ਨੇ ਫੰਡ ਕੀਤੇ ਜਾਰੀ

ਪੈਗ਼ਾਮ-ਏ-ਜਗਤ/ਹੁਸ਼ਿਆਰਪੁਰ (ਸਤਨਾਮ ਸਿੰਘ ਸਹੁੰਗੜਾ)

ਪੰਜਾਬ ਸਰਕਾਰ ਵਲੋਂ ਕੰਢੀ ਖੇਤਰ ਵਿਚ ਬਿਹਤਰ ਆਵਾਜਾਈ ਅਤੇ ਲੋਕਾਂ ਨੂੰ ਵੱਡੀ ਸੁਵਿਧਾ ਦਿੰਦੇ ਹੋਏ ਤਿੰਨ ਵੱਡੇ ਪੁੱਲਾਂ ਦਾ ਨਿਰਮਾਣ ਕੀਤਾ ਜਾਵੇਗਾ ਜਿਸ ਲਈ ਪੰਜਾਬ ਦੇ ਸੀ.ਐਮ. ਭਗਵੰਤ ਮਾਨ ਵਲੋਂ 20 ਕਰੋੜ ਰੁਪਏ ਦੇ ਫੰਡ ਜਾਰੀ ਕਰ ਦਿੱਤੇ ਗਏ ਹਨ।

ਪਿੰਡ ਡਾਡਾ ਵਿਚ ਹੋਏ ਵਿਸ਼ਾਲ ਪ੍ਰੋਗਰਾਮ ਨੂੰ ਸੰਬੋਧਨ ਕਰਦੇ ਹੋਏ ਹੁਸ਼ਿਆਰਪੁਰ ਤੋਂ ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਇਹ ਤਿੰਨ ਬ੍ਰਿਜ ਬੱਡਲਾ ਚੋਅ, ਮਾਂਝੀ ਚੋਅ ਅਤੇ ਭੰਗੀ ਚੋਅ 'ਤੇ ਬਣਨਗੇ ਜਿਨ੍ਹਾਂ ਦਾ ਨਿਰਮਾਣ ਕਾਰਜ ਕੁਝ ਹੀ ਦਿਨਾਂ ਵਿਚ ਸ਼ੁਰੂ ਹੋਣ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਇਹ ਪੁੱਲ ਕੰਢੀ ਖੇਤਰ ਦੇ ਲੋਕਾਂ ਲਈ ਵੱਡੀ ਸਹੂਲਤ ਸਾਬਤ ਹੋਣਗੇ, ਕਿਉਂਕਿ ਲੋਕਾਂ ਦੀ ਲੰਬੇ ਸਮੇਂ ਤੋਂ ਮੰਗ ਚੱਲੀ ਆ ਰਹੀ ਕਿ ਉਨ੍ਹਾਂ ਨੂੰ ਇਹ ਸੁਵਿਧਾ ਪ੍ਰਦਾਨ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਜਦ ਉਹ ਵਿਧਾਇਕ ਸਨ, ਉਸ ਸਮੇਂ ਤੋਂ ਇਨ੍ਹਾਂ ਪੁੱਲਾਂ ਦੀ ਮੰਗ ਚਲੀ ਆ ਰਹੀ ਸੀ ਅਤੇ ਹੁਣ ਆਮ ਆਦਮੀ ਪਾਰਟੀ ਦੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਇਸ ਕੰਮ ਨੂੰ ਅੰਤਿਮ ਰੂਪ ਦਿੰਦੇ ਹੋਏ ਸਾਰੀਆਂ ਸ਼ਰਤਾਂ ਪੂਰੀਆਂ ਕਰ ਲਈਆਂ ਹਨ। ਕੰਢੀ ਖੇਤਰ ਵਿਚ ਮਾਨਸੂਨ ਅਤੇ ਬਾਰਸ਼ ਦੇ ਦਿਨਾਂ ਵਿਚ ਇਨ੍ਹਾਂ ਪੁੱਲਾਂ ਦੀ ਕਮੀ ਹੋਣ ਕਾਰਨ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਦੀ ਗੱਲ ਕਰਦੇ ਹੋਏ ਸੰਸਦ ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਇਨ੍ਹਾਂ ਪੁੱਲਾਂ ਦਾ ਨਿਰਮਾਣ ਹੋਣ ਉਪਰੰਤ ਲੋਕਾਂ ਨੂੰ ਹਰ ਸਾਲ ਪੇਸ਼ ਆਉਂਦੀਆਂ ਸਮੱਸਿਆਵਾਂ ਨੂੰ ਪੂਰਨ ਤੌਰ 'ਤੇ ਹੱਲ ਹੋਵੇਗਾ। ਉਨ੍ਹਾਂ ਕਿਹਾ ਕਿ ਬੱਡਲਾ ਚੋਅ 'ਤੇ 6.46 ਕਰੋੜ ਦੀ ਲਾਗਤ ਨਾਲ, ਮਾਂਝੀ ਚੋਅ 'ਤੇ 5.93 ਕਰੋੜ ਦੀ ਲਾਗਤ ਨਾਲ, ਭੰਗੀ ਚੋਅ 'ਤੇ 8.11 ਕਰੋੜ ਰੁਪਏ ਦੀ ਲਾਗਤ ਨਾਲ ਪੁੱਲਾਂ ਦਾ ਨਿਰਮਾਣ ਹੋਵੇਗਾ। ਉਨ੍ਹਾਂ ਕਿਹਾ ਕਿ ਕੰਢੀ ਤੋਂ ਇਲਾਵਾ ਜ਼ਿਲ੍ਹਾ ਹੁਸ਼ਿਆਰਪੁਰ ਵਿਚ ਸੜਕਾਂ ਦਾ ਨਵੀਨੀਕਰਨ ਵੱਡੇ ਪੱਧਰ 'ਤੇ ਕੀਤਾ ਜਾ ਰਿਹਾ ਹੈ ਜਿਸ ਤਹਿਤ ਜ਼ਿਆਦਾਤਰ ਸੜਕਾਂ 18 ਫੁੱਟ ਚੌੜਾਈ ਵਾਲੀਆਂ ਬਣਾਈਆਂ ਜਾ ਰਹੀਆਂ ਤਾਂ ਜੋ ਲੋਕਾਂ ਨੂੰ ਆਉਣ ਜਾਣ ਵਿਚ ਕਿਸੇ ਤਰ੍ਹਾਂ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਲੋਕ ਸਭਾ ਮੈਂਬਰ ਡਾ. ਚੱਬੇਵਾਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਜਾਬ ਦੇ ਹਰ ਵਰਗ ਦੇ ਹਿੱਤ ਵਿਚ ਕੰਮ ਕੀਤਾ ਹੈ ਚਾਹੇ ਉਦਯੋਗਿਕ, ਕਿਸਾਨੀ, ਬਿਜਲੀ ਖੇਤਰ, ਸਮਾਜਿਕ ਸੁਰੱਖਿਆ, ਸਿੱਖਿਆ, ਜਿਹੜ ਜਾਂ ਬੁਨਿਆਦੀ ਢਾਂਚੇ ਦੀ ਮਜ਼ਬੂਤੀ ਹੋਵੇ। ਇਸ ਮੌਕੇ ਡਾ. ਜਤਿੰਦਰ ਕੁਮਾਰ, ਸਰਪੰਚ ਸੁਰਿਦਰ ਸਿੰਘ, ਕੁਲਮੀਰੀ ਲਾਲ ਅਤੇ ਹੋਰ ਪਤਵੰਤੇ ਲੋਕ ਮੌਜੂਦ ਸਨ।

ਗੈਸ, ਪੈਟਰੋਲ ਤੇ ਡੀਜ਼ਲ ਦੀ ਉਪਲਬਧਤਾ ਅਤੇ ਸਪਲਾਈ ਸੰਬੰਧੀ ਡੀਸੀ ਵੱਲੋਂ ਪੰਪ ਤੇ ਏਜੰਸੀ ਮਾਲਕਾਂ ਨਾਲ ਗੱਲਬਾਤ

ਪੈਗ਼ਾਮ-ਏ-ਜਗਤ/ਨਵਾਂਸ਼ਹਿਰ (ਸਤਨਾਮ ਸਿੰਘ ਸਹੁੰਗੜਾ)

ਡਿਪਟੀ ਕਮਿਸ਼ਨਰ ਸ਼ਹੀਦ ਭਗਤ ਸਿੰਘ ਨਗਰ ਗੁਲਪ੍ਰੀਤ ਸਿੰਘ ਔਲਖ ਨੇ ਮੰਗਲਵਾਰ ਨੂੰ ਜ਼ਿਲ੍ਹੇ ਵਿੱਚ ਐਲ.ਪੀ.ਜੀ. ਸਿਲੰਡਰਾਂ, ਪੈਟਰੋਲ ਅਤੇ ਡੀਜ਼ਲ ਦੀ ਉਪਲਬਧਤਾ ਅਤੇ ਸਪਲਾਈ ਸਥਿਤੀ ਦਾ ਜਾਇਜ਼ਾ ਲੈਣ ਲਈ ਪੈਟਰੋਲ ਪੰਪ ਮਾਲਕਾਂ ਅਤੇ ਐਲ.ਪੀ.ਜੀ. ਡੀਲਰਸ਼ਿਪ ਹੋਲਡਰਾਂ ਨਾਲ ਉੱਚ ਪੱਧਰੀ ਸਮੀਖਿਆ ਮੀਟਿੰਗ ਕੀਤੀ।

ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਸੰਬੰਧਿਤ ਧਿਰਾਂ ਨਾਲ ਵਿਸਥਾਰਪੂਰਵਕ ਚਰਚਾ ਕਰਦਿਆਂ ਜ਼ਰੂਰੀ ਰਸੋਈ ਗੈਸ, ਪੈਟਰੋਲ ਅਤੇ ਡੀਜ਼ਲ ਦੇ ਮੌਜੂਦਾ ਭੰਡਾਰ ਅਤੇ ਰੋਜ਼ਾਨਾ ਸਪਲਾਈ ਦੀ ਸਥਿਤੀ ਦਾ ਜਾਇਜ਼ਾ ਲਿਆ। ਉਨ੍ਹਾਂ ਸਾਰੇ ਪੈਟਰੋਲ ਪੰਪ ਮਾਲਕਾਂ ਅਤੇ ਗੈਸ ਏਜੰਸੀ ਹੋਲਡਰਾਂ ਨੂੰ ਲੋਕਾਂ ਨੂੰ ਬਿਨਾਂ ਕਿਸੇ ਦਿੱਕਤ ਦੇ ਐਲ.ਪੀ.ਜੀ., ਪੈਟਰੋਲ ਅਤੇ ਡੀਜ਼ਲ ਦੀ ਨਿਰਵਿਘਨ ਅਤੇ ਸੁਚਾਰੂ ਸਪਲਾਈ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਜ਼ਿਲ੍ਹੇ ਵਿੱਚ ਕਿਸੇ ਵੀ ਤਰ੍ਹਾਂ ਦੀ ਘਾਟ ਨਾ ਹੋਣ ਦਾ ਭਰੋਸਾ ਦਿੰਦਿਆਂ ਸ੍ਰੀ ਔਲਖ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪੈਟਰੋਲ, ਡੀਜ਼ਲ ਅਤੇ ਐਲ.ਪੀ.ਜੀ. ਸਿਲੰਡਰਾਂ ਦੀ ਬੇਲੋੜੀ ਖਰੀਦਦਾਰੀ ਜਾਂ ਭੰਡਾਰਨ ਨਾ ਕਰਨ, ਕਿਉਂਕਿ ਇਸ ਨਾਲ ਨਕਲੀ ਘਾਟ ਪੈਦਾ ਹੋ ਸਕਦੀ ਹੈ ਅਤੇ ਆਮ ਲੋਕਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ।

ਉਨ੍ਹਾਂ ਡੀਲਰਾਂ ਨੂੰ ਜ਼ਿਲ੍ਹਾ ਪ੍ਰਸ਼ਾਸਨ ਨਾਲ ਨਿਰੰਤਰ ਤਾਲਮੇਲ ਬਣਾਈ ਰੱਖਣ ਅਤੇ ਵੰਡ ਪ੍ਰਣਾਲੀ ਵਿੱਚ ਪਾਰਦਰਸ਼ਤਾ ਯਕੀਨੀ ਬਣਾਉਣ ਲਈ ਵੀ ਕਿਹਾ, ਤਾਂ ਜੋ ਲੋਕਾਂ ਨੂੰ ਜ਼ਰੂਰੀ ਵਸਤੂਆਂ ਆਸਾਨੀ ਨਾਲ ਉਪਲਬਧ ਰਹਿ ਸਕਣ।

ਡੇਂਗੂ ਜਾਗਰੂਕਤਾ ਵਲੰਟੀਅਰਾਂ ਵੱਲੋਂ ਘਰ-ਘਰ ਜਾ ਕੇ ਸਰਵੇ, ਲੋਕਾਂ ਨੂੰ ਕੀਤਾ ਜਾਗਰੂਕ

ਪੈਗ਼ਾਮ-ਏ-ਜਗਤ ਹੁਸ਼ਿਆਰਪੁਰ (ਸਤਨਾਮ ਸਿੰਘ ਸਹੁੰਗੜਾ)

ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੇ ਨਿਰਦੇਸ਼ਾਂ ਤਹਿਤ ਜ਼ਿਲ੍ਹੇ ਭਰ ਵਿੱਚ ਡੇਂਗੂ ਰੋਕਥਾਮ ਮੁਹਿਮ ਲਗਾਤਾਰ ਚਲਾਈ ਜਾ ਰਹੀ ਹੈ। ਇਸ ਮੁਹਿਮ ਤਹਿਤ ਡੇਂਗੂ ਜਾਗਰੂਕਤਾ ਵਲੰਟੀਅਰਾਂ ਵੱਲੋਂ ਹੁਸ਼ਿਆਰਪੁਰ ਵਿੱਚ ਘਰ-ਘਰ ਜਾ ਕੇ ਸਰਵੇ ਕੀਤਾ ਜਾ ਰਿਹਾ ਹੈ ਅਤੇ ਲੋਕਾਂ ਨੂੰ ਡੇਂਗੂ ਤੋਂ ਬਚਾਅ, ਸਫ਼ਾਈ ਬਣਾਈ ਰੱਖਣ ਅਤੇ ਮੱਛਰ ਪੈਦਾ ਹੋਣ ਵਾਲੀਆਂ ਨੂੰ ਖਤਮ ਕਰਨ ਲਈ ਜਾਗਰੂਕ ਕੀਤਾ ਜਾ ਰਿਹਾ ਹੈ। ਸਰਵੇ ਦੌਰਾਨ ਵਲੰਟੀਅਰ ਘਰਾਂ ਵਿੱਚ ਪਾਣੀ ਦੀਆਂ ਟੈਂਕੀਆਂ, ਕੂਲਰਾਂ, ਫ੍ਰਿਜ ਦੀ ਪਿੱਛਲੀ ਟਰੇਅ, ਫੁੱਲਾਂ ਦੇ ਗਮਲੇ ਅਤੇ ਹੋਰ ਅਜਿਹੀਆਂ ਥਾਵਾਂ ਦੀ ਜਾਂਚ ਕਰ ਰਹੇ ਹਨ, ਜਿੱਥੇ ਪਾਣੀ ਇਕੱਠਾ ਹੋਣ ਦੀ ਸੰਭਾਵਨਾ ਰਹਿਦੀ ਹੈ ਅਤੇ ਡੇਂਗੂ ਫੈਲਾਉਣ ਵਾਲੇ ਮੱਛਰ ਪੈਦਾ ਹੋ ਸਕਦੇ ਹਨ। ਇਸ ਤੋਂ ਇਲਾਵਾ ਲੋਕਾਂ ਨੂੰ ਹਫ਼ਤੇ ਵਿੱਚ ਇੱਕ ਦਿਨ 'ਡਰਾਈ ਡੇਅ' ਮਨਾਉਣ, ਪਾਣੀ ਖੜ੍ਹਾ ਨਾ ਹੋਣ ਦੇਣ ਅਤੇ ਆਸ-ਪਾਸ ਸਫ਼ਾਈ ਬਣਾਈ ਰੱਖਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਡੇਂਗੂ ਤੋਂ ਬਚਾਅ ਲਈ ਲੋਕਾਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ।

ਉਨ੍ਹਾਂ ਲੋਕਾਂ ਨੂੰ ਆਪਣੇ ਘਰਾਂ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਪਾਣੀ ਖੜ੍ਹਾ ਨਾ ਹੋਣ ਦੇਣ ਅਤੇ ਸਿਹਤ ਵਿਭਾਗ ਤੇ ਪ੍ਰਸ਼ਾਸਨ ਵੱਲੋਂ ਚਲਾਈ ਜਾ ਰਹੀ ਮੁਹਿਮ ਵਿੱਚ ਸਹਿਯੋਗ ਕਰਨ ਦੀ ਅਪੀਲ ਕੀਤੀ। ਆਸ਼ਿਕਾ ਜੈਨ ਨੇ ਸਪੱਸ਼ਟ ਕੀਤਾ ਕਿ ਡੇਂਗੂ ਦੀ ਰੋਕਥਾਮ ਲਈ ਜਾਗਰੂਕਤਾ ਅਤੇ ਸਾਵਧਾਨੀ ਹੀ ਸਭ ਤੋਂ ਪ੍ਰਭਾਵਸ਼ਾਲੀ ਉਪਾਅ ਹਨ ਅਤੇ ਇਹ ਮੁਹਿਮ ਅੱਗੇ ਵੀ ਲਗਾਤਾਰ ਜਾਰੀ ਰਹੇਗੀ।

ਸਫ਼ਾਈ ਕਰਮਚਾਰੀਆਂ ਦੀ ਜਿੱਤ ਸੰਘਰਸ਼ ਦੀ ਜਿੱਤ : ਬਘਾਨੀਆਂ

ਪੈਗ਼ਾਮ-ਏ-ਜਗਤ ਨਵਾਂਸ਼ਹਿਰ (ਸਤਨਾਮ ਸਿੰਘ ਸਹੁੰਗੜਾ)

ਮਿਊਂਸਪਲ ਮੁਲਾਜ਼ਮ ਐਕਸ਼ਨ ਕਮੇਟੀ ਦੇ ਆਗੂਆਂ ਨੇ ਸਫਾਈ ਕਰਮਚਾਰੀਆਂ ਦੀ ਜਿੱਤ ਨੂੰ ਸੰਘਰਸ਼ ਦੀ ਜਿੱਤ ਕਰਾਰ ਦਿੱਤਾ ਹੈ ਇਹ ਪ੍ਰਗਟਾਵਾ ਕਰਦੇ ਹੋਏ ਐਕਸ਼ਨ ਕਮੇਟੀ ਦੇ ਜਿਲਾ ਪ੍ਰਧਾਨ ਸੰਨੀ ਬਘਾਨੀਆਂ,ਦੀਪਕ ਖੋਸਲਾ ਅਤੇ ਸੁਰਜ ਖੋਸਲਾ ਨੇ ਕਿਹਾ ਹੈ ਕਿ ਸਰਕਾਰ ਨੇ ਇਸ ਸੰਘਰਸ਼ ਨੂੰ ਢਾਹ ਲਾਉਣ ਲਈ ਬਹੁਤ ਯਤਨ ਕੀਤੇ ਪਰ ਸਰਕਾਰ ਨੂੰ ਅਖੀਰ ਸੰਘਰਸ਼ ਅੱਗੇ ਝੁਕਣਿਆਂ ਮੰਗਾਂ ਮੰਨਣ ਲਈ ਮਜਬੂਰ ਹੋਣਾ ਪਿਆ। ਉਹਨਾਂ ਨੇ 16 ਦਿਨ ਲੰਮੀ ਹੜਤਾਲ ਵਿੱਚ ਅਡੋਲ ਰਹਿਣ ਲਈ ਵਰਕਰਾਂ ਦਾ ਧੰਨਵਾਦ ਕਰਦਿਆਂ ਭਰਾਤਰੀ ਜਥੇਬੰਦੀਆਂ ਵੱਲੋਂ ਦਿੱਤੇ ਸਾਥ ਦੀ ਵੀ ਸ਼ਲਾਘਾ ਕੀਤੀ ਹੈ।

ਬ੍ਰਹਮਲੀਨ ਸੰਤ ਮਾਹਨ ਦਾਸ ਜੀ ਦਾ ਜਨਮ ਦਿਨ ਡੇਰਾ ਸੰਤ ਇੰਦਰ ਸੇਖੋ 'ਚ ਸ਼ਰਧਾ ਪੂਰਵਕ ਮਨਾਇਆ

ਪੈਗ਼ਾਮ-ਏ-ਜਗਤ ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਮਹਾਨ ਤਪੱਸਵੀ, ਬ੍ਰਹਮਲੀਨ ਸੰਤ ਮਾਹਨ ਦਾਸ ਜੀ ਦੇ ਜਨਮ ਦਿਨ ਸਮਾਗਮ ਡੇਰਾ ਸੇਖੋ ਵਿਖੇ ਸੰਤ ਇੰਦਰ ਦਾਸ ਜਨਰਲ ਸਕੱਤਰ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਰਜਿ. ਪੰਜਾਬ, ਸੰਤ ਪ੍ਰਮੋਸ਼ਵਰੀ ਦਾਸ ਦੀ ਰਹਿਨੁਮਾਈ ਹੇਠ ਦੇਸ਼ ਵਿਦੇਸ਼ ਦੀਆਂ ਸੰਗਤਾਂ ਵਲੋਂ ਬਹੁਤ ਸ਼ਰਧਾ ਪੂਰਵਕ ਮਨਾਏ ਗਏ। ਸ੍ਰੀ ਆਖੰਡ ਪਾਠ ਦੇ ਭੋਗ ਤੇ ਸਰਬੱਤ ਦੇ ਭਲੇ ਦੀ ਅਰਦਾਸ ਤੋਂ ਉਪਰੰਤ ਵਿਸ਼ਾਲ ਕੀਰਤਨ ਦੇ ਦੀਵਾਨ ਸਜਾਏ ਗਏ ਜਿਸ ਵਿੱਚ ਰਾਗੀ ਜਥਿਆਂ ਤੇ ਪੰਜਾਬ ਦੇ ਵੱਖ ਵੱਖ ਡੇਰਿਆਂ ਅਤੇ ਸੰਪਰਦਾਵਾਂ ਦੇ ਸੰਤਾਂ ਮਹਾਂਪੁਰਸ਼ਾਂ,ਸਮਾਜਕ ਤੇ ਰਾਜਨੀਤਕ ਆਗੂਆਂ ਤੇ ਬੁੱਧੀਜੀਵੀਆਂ ਵਲੋਂ ਸੰਤ ਮਾਹਨ ਦਾਸ ਜੀ ਦੇ ਜਨਮ ਦਿਨ ਤੇ ਹੋਏ ਵਿਸ਼ਾਲ ਸਮਾਗਮਾਂ 'ਚ ਵੱਡੀ ਗਿਣਤੀ 'ਚ ਸੰਗਤਾਂ ਵਲੋਂ ਸ਼ਮੂਲੀਅਤ ਕਰਦਿਆਂ ਅਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਸੰਤ ਇੰਦਰ ਦਾਸ, ਸੰਤ ਪ੍ਰਮੋਸ਼ਵਰੀ ਦਾਸ, ਸੰਤ ਨਿਰਮਲ ਦਾਸ ਬਾਬੇਜੋੜੇ ਅਤੇ ਬੇਗਮਪੁਰਾ ਜਨਮ ਮੰਡਲੀ ਹਰਿਆਣਾ ਰਾਗੀ ਜਥਿਆਂ, ਕਥਾ ਵਾਚਕਾਂ ਵਲੋਂ ਸੰਗਤਾਂ ਨੂੰ ਗੁਰਬਾਣੀ ਰਾਹੀਂ ਨਿਹਾਲ ਕੀਤਾ। ਇਸ ਮੌਕੇ ਸੰਤ ਸਰਵਣ ਦਾਸ ਚੇਅਰਮੈਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਰਜਿ.ਪੰਜਾਬ,ਸੰਤ ਪਰਮਜੀਤ ਸਿੰਘ ਗਨਰ ਕੈਸ਼ੀਅਰ, ਸੰਤ ਸਰਵਣ ਦਾਸ ਲੁਧਿਆਣਾ , ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ, ਸੰਤ ਵਿਨੋ ਮੁਨੀ ਸੌਮੂ, ਸੰਤ ਨਿਰੰਜਣ ਦਾਸ ਸ਼ੇਖੂਪੁਰ ਵਲੋਂ,ਸੰਤ ਬਲਵੰਤ ਸਿੰਘ ਫਿਰਗੀਰੀਆਂ,ਮੰਤ ਪ੍ਰੀਤਮ ਲਾਲ ਚੱਕ ਹਕੀਮ,ਸੰਤ ਧਰਮਪਾਲ ਸ਼ੇਰਗਡ਼, ਸੰਤ ਬੀਬੀ ਕੁਲਦੀਪ ਕੌਰ ਮਹਿਨਾ ਸੰਤ ਜਗੀਰ ਸਿੰਘ ਸਰਬਤ ਭਲਾ ਆਸ਼ਰਮ ਨੰਦਾਚੌਰ, ਬਾਬਾ ਬਲਕਾਰ ਸਿੰਘ ਤੱਗੜ ਵਡਾਲਾ, ਸੰਤ ਮਨੋਜੀਤ ਦਾਸ ਵਿਛੋਹੀ, ਸੰਤ ਹਰਮੀਤ ਸਿੰਘ ਬਣਾ ਸਾਹਿਬ, ਸੰਤ ਕੁਲਦੀਪ ਦਾਸ ਬਸੀ ਮੁਰੂਵ, ਸੰਤ ਪਵਨ ਦਾਸ ਤਾਜੇਵਾਲ,ਸੰਤ ਰਜੇਸ਼ ਦਾਸ ਬਜਵਾੜਾ,ਸੰਤ ਗੁਰਮੀਤ ਦਾਸ, ਭੈਣ ਸੋਤੋਸ਼ ਕੁਮਾਰੀ ਨੇ ਸੰਤ ਮਾਹਨ ਦਾਸ ਜੀ ਦੇ ਜਨਮ ਦਿਨ ਤੇ ਸੰਗਤਾਂ ਨੂੰ ਮੁਬਾਰਕਬਾਦ ਦਿੱਤੀ। ਸਟੇਜ ਸਕੱਤਰ ਦੀ ਸੇਵਾ ਮਾਸਟਰ ਪਰਮਜੀਤ ਸਿੰਘ ਨੇ ਨਿਭਾਈ। ਸੰਤ ਇੰਦਰ ਦਾਸ, ਸੰਤ ਪ੍ਰਮੋਸ਼ਵਰੀ ਦਾਸ ਵਲੋਂ ਆਏ ਹੋਏ ਸੰਤਾਂ ਮਹਾਂਪੁਰਸ਼ਾਂ,ਸਮਾਜਕ ਤੇ ਰਾਜਨੀਤਕ ਸਖਸ਼ੀਅਤਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਅਤੇ ਧੰਨਵਾਦ ਕੀਤਾ। ਸੰਗਤਾਂ ਲਈ ਗੁਰੂ ਕੇ ਲੰਗਰ ਅਤੂੱਟ ਵਰਤਾਏ ਗਏ।

ਵਿੱਦਿਆ ਮੰਦਰ ਸੀਨੀਅਰ ਸੈਕੰਡਰੀ ਮਾਡਲ ਸਕੂਲ, ਸ਼ਿਮਲਾ ਪਹਾੜੀ, ਹੁਸ਼ਿਆਰਪੁਰ ਦਾ 75ਵਾਂ ਸਥਾਪਨਾ ਦਿਵਸ ਮਨਾਇਆ ਗਿਆ

ਪੈਗ਼ਾਮ-ਏ-ਜਗਤ/ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਵਿੱਦਿਆ ਮੰਦਰ ਸੀਨੀਅਰ ਸੈਕੰਡਰੀ ਮਾਡਲ ਸਕੂਲ, ਸ਼ਿਮਲਾ ਪਹਾੜੀ, ਹੁਸ਼ਿਆਰਪੁਰ ਵਿੱਚ ਵੀਰਵਾਰ, 21 ਮਈ 2026 ਨੂੰ ਬੜੇ ਉਤਸ਼ਾਹ ਅਤੇ ਗੌਰਵ ਨਾਲ ਆਪਣਾ 75ਵਾਂ ਸਥਾਪਨਾ ਦਿਵਸ ਮਨਾਇਆ ਗਿਆ। ਇਹ ਮੌਕਾ ਸੰਸਥਾ ਦੀ ਸ਼ਾਨਦਾਰ ਯਾਤਰਾ ਦਾ ਇੱਕ ਮਹੱਤਵਪੂਰਨ ਮੀਲ ਪੱਥਰ ਸਾਬਤ ਹੋਇਆ, ਕਿਉਂਕਿ ਪਿਛਲੇ ਪਚੱਤਰ ਸਾਲਾਂ ਤੋਂ ਇਹ ਸਕੂਲ ਗੁਣਵੱਤਾਪੂਰਨ ਸਿੱਖਿਆ ਪ੍ਰਦਾਨ ਕਰਦਾ ਆ ਰਿਹਾ ਹੈ ਅਤੇ ਵਿਦਿਆਰਥੀਆਂ ਨੂੰ ਸੰਸਕਾਰਵਾਨ ਅਤੇ ਜ਼ਿੰਮੇਵਾਰ ਨਾਗਰਿਕ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾ ਰਿਹਾ ਹੈ।

ਇਸ ਮੌਕੇ 'ਤੇ ਸਕੂਲ ਦੇ ਪ੍ਰਧਾਨ ਅਨੁਰਾਗ ਸੂਦ, ਸਕੱਤਰ ਡਾਕਟਰ ਹਰਸ਼ਵਿੰਦਰ ਸਿੰਘ ਪਠਾਨੀਆ, ਪ੍ਰਿੰਸੀਪਲ ਸ਼ੋਭਾ ਰਾਣੀ ਅਤੇ ਸਮੂਹ ਸਟਾਫ ਮੈਂਬਰਾਂ ਨੇ ਵਿਦਿਆਰਥੀਆਂ ਨੂੰ ਸਥਾਪਨਾ ਦਿਵਸ ਦੀਆਂ ਵਧਾਈਆਂ ਦਿੱਤੀਆਂ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸਕੂਲ ਦੇ ਇਤਿਹਾਸ ਅਤੇ ਪ੍ਰਾਪਤੀਆਂ ਬਾਰੇ ਵੀ ਜਾਣੂ ਕਰਵਾਇਆ ਅਤੇ ਮਿੰਠਾਈ ਵੰਡ ਕੇ ਖੁਸ਼ੀ ਸਾਂਝੀ ਕੀਤੀ। ਆਪਣੇ ਸੰਬੋਧਨ ਵਿੱਚ ਸਕੂਲ ਦੇ ਪ੍ਰਧਾਨ ਅਨੁਰਾਗ ਸੂਦ ਨੇ ਸੰਸਥਾ ਦੀ ਸਥਾਪਨਾ ਤੋਂ ਲੈ ਕੇ ਹੁਣ ਤੱਕ ਦੇ ਵਿਕਾਸਮਈ ਸਫਰ ਨੂੰ ਉਜਾਗਰ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸਕੂਲ ਦੀਆਂ ਪਰੰਪਰਾਵਾਂ, ਅਨੁਸ਼ਾਸਨ ਅਤੇ ਮੁੱਲਾਂ ਨੂੰ ਕਾਇਮ ਰੱਖਦਿਆਂ ਪੜ੍ਹਾਈ ਅਤੇ ਸੰਧਿ-ਪਾਠਕ੍ਰਮ ਗਤੀਵਿਧੀਆਂ ਵਿੱਚ ਸ਼ੇਸ਼ਠਤਾ ਹਾਸਲ ਕਰਨ ਲਈ ਪ੍ਰੇਰਿਤ ਕੀਤਾ। ਸਕੂਲ ਦੇ ਸਕੱਤਰ ਡਾਕਟਰ ਹਰਸ਼ਵਿੰਦਰ ਸਿੰਘ ਪਠਾਨੀਆ ਨੇ ਵੀ ਸਕੂਲ ਦੀ ਸੰਸਥਾਪਕਾ ਸ੍ਰਸ਼੍ਰੀ ਜਗਤਵੱਲੀ ਸੂਦ ਅਤੇ ਸ੍ਰਸ਼੍ਰੀ ਸ਼ਾਦਲਾ ਸੂਦ ਜੀ ਨੂੰ ਯਾਦ ਕਰਦੇ ਹੋਏ ਉਨ੍ਹਾਂ ਵੱਲੋਂ

ਘਟਨਾਵਾਂ ਸਮੇਂ ਬਚਣ, ਬਚਾਉਣ ਅਤੇ ਪੀੜਤਾਂ ਨੂੰ ਬਚਾਉਣ ਲਈ ਮਦਦਗਾਰ ਫ਼ਰਿਸ਼ਤੇ ਤਿਆਰ ਕੀਤੇ ਜਾਣਗੇ : ਪ੍ਰਿੰਸੀਪਲ ਡੋਲੀ

ਪੈਗ਼ਾਮ-ਏ-ਜਗਤ
ਪਟਿਆਲਾ (ਕਾਕਾ ਰਾਮ ਵਰਮਾ)

ਆਤਮਾ ਰਾਮ ਕੁਮਾਰ ਸਭਾ ਸੀਨੀਅਰ ਸੈਕੰਡਰੀ ਸਕੂਲ ਪਟਿਆਲਾ ਦੇ ਪ੍ਰਿੰਸੀਪਲ ਸ਼੍ਰੀਮਤੀ ਡੋਲੀ ਦੀ ਇੱਛਾ ਹੈ ਕਿ ਵਿਦਿਆਰਥੀਆਂ ਨੂੰ ਚੰਗੀ ਸਿੱਖਿਆ, ਸੰਸਕਾਰ ਅਨੁਸਾਸਨ ਅਤੇ ਚਰਿੱਤ੍ਰ ਨਿਰਮਾਨ ਦੇ ਨਾਲ ਨਾਲ, ਕੁਦਰਤੀ, ਮੌਸਮੀ, ਮਨੁੱਖੀ ਆਫਤਾਵਾਂ, ਘਰੇਲੂ ਘਟਨਾਵਾਂ ਸਮੇਂ ਕੀਮਤੀ ਜਾਨਾਂ ਅਤੇ ਪ੍ਰਾਪਰਟੀਆਂ ਨੂੰ ਬਚਾਉਣ ਹਿੱਤ ਮਦਦਗਾਰ ਫ਼ਰਿਸ਼ਤਿਆਂ ਵਜੋਂ ਤਿਆਰ ਕੀਤਾ ਜਾਵੇ। ਜਿਸ ਹਿੱਤ ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ, ਪੰਜਾਬ ਦੇ ਮੁੱਖ ਸਕੱਤਰ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ ਪਟਿਆਲਾ ਦੇ ਹੁਕਮਾਂ ਅਨੁਸਾਰ ਅੰਤਰਰਾਸ਼ਟਰੀ ਆਫ਼ਤ ਪ੍ਰਬੰਧਨ ਦਿਵਸ ਮੌਕੇ ਵਿਦਿਆਰਥੀਆਂ, ਅਧਿਆਪਕਾਂ ਨੂੰ ਘਰਾਂ, ਦੁਕਾਨਾਂ, ਸੰਸਥਾਵਾਂ, ਗੱਡੀਆਂ ਅਤੇ ਵਿਉਪਾਰੀਆਂ ਅਦਾਰਿਆਂ ਵਿਖੇ ਗੈਸਾਂ ਲੀਕ ਹੋਣ, ਬਿਜਲੀ ਸ਼ਾਟ ਸਰਕਟ, ਪੈਟਰੋਲੀਅਮ ਅਤੇ ਬਲਣਯੋਗ ਪਦਾਰਥਾਂ ਦੀਆਂ ਅੱਗਾਂ ਲਗਣ ਸਮੇਂ ਜਾਂਨੀ ਅਤੇ ਮਾਲੀ ਨੁਕਸਾਨਾਂ ਨੂੰ ਘਟਾਉਣ, ਹੈਲਪ ਲਾਈਨ ਨੰਬਰਾਂ ਰਾਹੀਂ ਪੁਲਿਸ, ਐਂਬੂਲੈਂਸਾਂ, ਫਾਇਰ ਬ੍ਰਿਗੇਡ ਨੂੰ ਬੁਲਾਉਣ ਦੀ ਜਾਣਕਾਰੀ ਦੇਣ ਲਈ ਸ੍ਰੀ ਕਾਕਾ ਰਾਮ ਵਰਮਾ, ਚੀਫ਼ ਟ੍ਰੇਨਰ, ਫਸਟ ਏਡ, ਸੇਫਟੀ, ਸਿਹਤ ਜਾਗਰੂਕਤਾ ਮਿਸ਼ਨ ਨੂੰ ਸਕੂਲ ਵਿਖੇ ਬੁਲਾਇਆ ਗਿਆ। ਸ੍ਰੀ ਕਾਕਾ ਰਾਮ ਵਰਮਾ ਨੇ ਉਦਾਹਰਨਾਂ ਦੇਕੇ ਦਸਿਆ ਕਿ ਦੇਸ਼ ਦੁਨੀਆਂ ਵਿੱਚ ਟ੍ਰੇਨਿੰਗਾਂ, ਅਭਿਆਸ ਦੀ ਕਮੀਂ, ਕਾਰਨ ਹਰਰੰਜ ਹਜ਼ਾਰਾਂ ਜ਼ਿੰਦਗੀਆਂ ਅਤੇ ਪ੍ਰਾਪਰਟੀਆਂ ਅੱਗਾਂ, ਧੂੰਏਂ, ਬਿਜਲੀ, ਗਰਮੀ, ਲੂ ਲੱਗਣ, ਸੈਨ ਸਟਰੋਕ, ਥ੍ਰੇਨ ਹੈਮਰੇਜ, ਬ੍ਰੇਹੋਸ਼ੀ, ਕੰਮੇ, ਡੀਹਾਈਡ੍ਰੇਸ਼ਨ, ਬਲੱਡ ਪਰੇਸ਼ਰ ਜਾਂ ਸ਼ੂਗਰ ਦੇ ਘਟਣ ਸੜਕੇ ਖ਼ਤਮ ਹੋ ਰਹੀਆਂ ਹਨ।

ਉਨ੍ਹਾਂ ਨੇ ਘਰੇਲੂ ਘਟਨਾਵਾਂ ਰੋਕਣ ਅਤੇ ਐਮਰਜੈਂਸੀ ਦੌਰਨ ਬਚਣ, ਬਚਾਉਣ ਪੀੜਤਾਂ ਨੂੰ ਫਸਟ ਏਡ, ਸੀ ਪੀ ਆਰ, ਰਿਕਵਰੀ ਪੜਸੀਸ਼ਨ, ਵੈਂਟੀਲੇਟਰ ਬਣਾਉਣੀ ਸਾਹ ਕਿਰਿਆ ਦੇਕੇ ਬਚਾਉਣ ਦੇ ਢੰਗ ਤਰੀਕੇ ਸਿਖਾਏ।। ਪ੍ਰਿੰਸੀਪਲ, ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਧੰਨਵਾਦ ਕਰਦੇ ਹੋਏ ਕਿਹਾ ਕਿ ਲੱਖਾਂ ਲੋਕਾਂ ਦੀ ਮੌਤਾਂ ਅਤੇ ਪ੍ਰਾਪਰਟੀਆਂ ਨੂੰ ਟ੍ਰੇਨਿੰਗਾਂ, ਅਭਿਆਸ ਅਤੇ ਮੌਕ ਡ੍ਰਰਿੰਲਾਂ ਕਰਵਾਕੇ ਰੋਕਿਆ ਜਾ ਸਕਦਾ ਹੈ ਤਾਂ, ਆਫ਼ਤ ਪ੍ਰਬੰਧਨ, ਸਿਵਲ ਡਿਫੈਂਸ, ਫਸਟ ਏਡ, ਫਾਇਰ ਸੇਫਟੀ ਦੀਆਂ ਟ੍ਰੇਨਿੰਗਾਂ ਦੇਕੇ ਹਰ ਘਰ ਪਰਿਵਾਰ, ਵਿਉਪਾਰਕ ਅਦਾਰਿਆਂ ਅਤੇ ਸਿੱਖਿਆ ਸੰਸਥਾਵਾਂ ਵਿਖੇ ਮਦਦਗਾਰ ਫ਼ਰਿਸ਼ਤੇ ਤਿਆਰ ਕੀਤੇ ਜਾਣ। ਪ੍ਰਿੰਸੀਪਲ ਨੇ ਬੇਨਤੀ ਕੀਤੀ ਕਿ ਉਨ੍ਹਾਂ ਦੇ ਵਿਦਿਆਰਥੀਆਂ, ਅਧਿਆਪਕਾਂ, ਖੇਤਰ ਦੇ ਦੁਕਾਨਦਾਰਾਂ ਅਤੇ ਕੁੱਝ ਮਾਪਿਆਂ ਨੂੰ ਪੰਜ ਦਿਨ ਦੇ ਆਫ਼ਤ ਪ੍ਰਬੰਧਨ, ਫਸਟ ਏਡ, ਫਾਇਰ ਸੇਫਟੀ, ਫਸਟ ਏਡ ਦੀਆਂ ਟ੍ਰੇਨਿੰਗਾਂ ਦੇਕੇ ਡ੍ਰਰਿੰਲ ਵਿੱਚ ਆਉਣ ਵਾਲੀਆਂ ਕੁਦਰਤੀ, ਮੌਸਮੀ, ਮਨੁੱਖੀ ਆਫ਼ਤਾਵਾਂ, ਜੰਗਾਂ, ਮਹਾਂਮਾਰੀਆਂ ਸਮੇਂ ਕੀਮਤੀ ਜਾਨਾਂ ਅਤੇ ਪ੍ਰਾਪਰਟੀਆਂ ਨੂੰ ਬਚਾਉਣ, ਪੀੜਤਾਂ ਅਤੇ ਪ੍ਰਸ਼ਾਸਨ ਦੇ ਮਦਦਗਾਰ ਫ਼ਰਿਸ਼ਤੇ ਬਣਾਉਣ ਲਈ ਕੈਂਪ ਲਗਾਏ ਜਾਣਗੇ।

ਪਿੰਡ ਕੱਕੋਂ 'ਚ 31 ਲੱਖ ਰੁਪਏ ਦੀ ਲਾਗਤ ਨਾਲ ਬਣੇਗਾ ਖੇਡ ਮੈਦਾਨ : ਡਾ. ਰਵਜੋਤ ਸਿੰਘ

ਪੈਗ਼ਾਮ-ਏ-ਜਗਤ/ਹੁਸ਼ਿਆਰਪੁਰ/ਦਲਜੀਤ ਅਜਨੋਹਾ

ਪੰਜਾਬ ਦੇ ਜੇਲ੍ਹਾਂ ਅਤੇ ਪ੍ਰਵਾਸੀ ਭਾਰਤੀ ਮਾਮਲੇ ਮੰਤਰੀ ਡਾ. ਰਵਜੋਤ ਸਿੰਘ ਨੇ ਵਿਧਾਨ ਸਭਾ ਹਲਕਾ ਸ਼ਾਮਚੁਰਾਸੀ ਦੇ ਪਿੰਡ ਕੱਕੋਂ ਵਿਖੇ 31 ਲੱਖ ਰੁਪਏ ਦੀ ਲਾਗਤ ਨਾਲ ਬਣਾਏ ਜਾ ਰਹੇ ਖੇਡ ਮੈਦਾਨ ਦੇ ਕੰਮ ਦਾ ਜਾਇਜ਼ਾ ਲੈਂਦਿਆਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਸੂਬੇ ਵਿਚ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਤਿੰਨ ਹਜ਼ਾਰ ਆਧੁਨਿਕ ਖੇਡ ਮੈਦਾਨਾਂ ਲਈ 1100 ਕਰੋੜ ਰੁਪਏ ਖਰਚ ਕੀਤੇ ਜਾ ਰਹੇ ਹਨ। ਪਿੰਡ ਕੱਕੋਂ ਵਿਖੇ ਮੋਹਤਬਾਰਾਂ ਸਮੇਤ ਖੇਡ ਮੈਦਾਨ ਦੇ ਚੱਲ ਰਹੇ ਕੰਮ ਦਾ ਨਰੀਖਣ ਕਰਦਿਆਂ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਆਧੁਨਿਕ ਢੰਗ ਨਾਲ ਖਡਾਏ ਜਾ ਰਹੇ ਅਜਿਹੇ ਖੇਡ ਮੈਦਾਨ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਵਿਚ ਵੱਡੇ ਪੱਧਰ 'ਤੇ ਸਹਾਈ ਹੋਣਗੇ ਜਿਸ ਨਾਲ ਉਹ ਆਪਣੀਆਂ ਪਸੰਦੀਦਾ ਖੇਡਾਂ ਵਿਚ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਨਾਮਣਾ ਖੱਟਣ ਦੇ ਸਮਰੱਥ ਹੋਣਗੇ। ਡਾ. ਰਵਜੋਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਵਲੋਂ ਖੇਡ ਮੈਦਾਨਾਂ ਤੋਂ ਇਲਾਵਾ 6000 ਦੇ ਕਰੀਬ ਇਨਡੋਰ ਜਿੰਮ ਵੀ ਬਣਾਏ ਜਾਣਗੇ ਜਿਨ੍ਹਾਂ ਨਾਲ ਲੋਕਾਂ ਨੂੰ ਕਸਰਤ ਕਰਨ ਲਈ ਵੱਡੀ ਸਹੂਲਤ ਮਿਲੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਸਮੇਂ-ਸਮੇਂ ਸਿਰ ਖੇਡਾਂ ਵਿਚ ਸੂਬੇ ਅਤੇ ਦੇਸ਼ ਦਾ ਨਾਮ ਕੌਮੀ ਅਤੇ ਕੌਮਾਂਤਰੀ ਪੱਧਰ 'ਤੇ ਚਮਕਾਉਣ ਵਾਲੇ ਖਿਡਾਰੀਆਂ ਨੂੰ ਬਣਦਾ ਮਾਣ-ਸਨਮਾਨ ਦਿੱਤਾ ਜਾ ਰਿਹਾ ਹੈ ਤਾਂ ਜੋ ਖੇਡਾਂ ਦੇ ਖੇਤਰ ਵਿਚ ਪੰਜਾਬੀ ਹੋਰ ਬਿਹਤਰੀਨ ਪ੍ਰਦਰਸ਼ਨ ਕਰ ਸਕਣ।

ਪਾਵਰਕੌਮ ਆਊਟਸੋਰਸ ਵਰਕਰਾਂ ਦੀ ਵਿਸ਼ਾਲ ਰੈਲੀ, ਮੰਗਾਂ ਦੇ ਹੱਕ ਵਿੱਚ ਗੂੰਜੀ ਆਵਾਜ਼

ਪਟਿਆਲਾ, 21 ਮਈ ()

ਪਾਵਰਕੌਮ, ਟਰਾਂਸਕੋ ਆਊਟ ਸੋਰਸ ਵਰਕਰਾਂ ਯੂਨੀਅਨ ਪੰਜਾਬ ਸਬੰਧਤ ਪੰਜਾਬ (ਏਟਕ) ਵਲੋਂ ਜ਼ਿਲਾਂ ਬਰਡ ਦੇ ਮੁੱਖ ਦਫਤਰ ਅੱਗੇ ਕੜਕਦੀ ਗਰਮੀ ਵਿੱਚ ਵਿਸ਼ਾਲ ਰੈਲੀ ਆਪਣੀਆਂ ਮੰਗਾਂ ਨੂੰ ਮਾਲ ਰੋਡ ਵਿਖੇ ਕੀਤੀ। ਇਸ ਰੈਲੀ ਵਿੱਚ ਪੰਜਾਬ ਸੁਬਾਰਡੀਨੇਟ ਸਰਵਿਸਿਜ ਫੈਡਰੇਸ਼ਨ ਅਤੇ ਦੀ ਕਲਾਸ ਫੋਰਥ ਗੋਰਮੰਟ ਇਪਲਾਈਜ਼ ਯੂਨੀਅਨ ਪੰਜਾਬ (1680) ਵਲੋਂ ਪ੍ਰਮੁੱਖ ਆਗੂ ਕਾ. ਦਰਸ਼ਨ ਸਿੰਘ ਲੁਬਾਣਾ, ਕਾ. ਸ਼ਿਵ ਚਰਨ ਆਦਿ ਆਗੂ ਸ਼ਾਮਲ ਹੋਏ ਅਤੇ ਇਸ ਵਿਸ਼ਾਲ ਰੈਲੀ ਨੂੰ ਸੰਬੋਧਨ ਵੀ ਕੀਤਾ ਅਤੇ ਸਮੁੱਚਿਆ ਮੰਗਾਂ ਜ਼ੋਰਦਾਰ ਹਮਾਇਤ ਕੀਤੀ।

ਸੰਸਦ ਮੈਂਬਰ ਸ਼ੈਲਜਾ ਨੇ 'ਦਿਸ਼ਾ' ਮੀਟਿੰਗ ਦੌਰਾਨ ਅਧਿਕਾਰੀਆਂ ਨੂੰ ਨਿਰਦੇਸ਼ ਜਾਰੀ ਕੀਤੇ

- ਨਗਰ ਕੌਂਸਲ ਅਤੇ ਜਨ ਸਿਹਤ ਵਿਭਾਗ ਦੇ ਕੰਮਕਾਜ 'ਤੇ ਨਾਰਾਜ਼ਗੀ ਪ੍ਰਗਟ ਕੀਤੀ; ਸੰਸਦ ਮੈਂਬਰ ਸ਼ੈਲਜਾ ਨੇ ਵਿਕਾਸ ਕਾਰਜਾਂ ਦੀ ਸਮੀਖਿਆ ਕੀਤੀ

ਫਤਿਹਾਬਾਦ, 21 ਮਈ
ਪੈਗ਼ਾਮ-ਏ-ਜਗਤ
(ਡਾ. ਨਾਇਬ ਸਿੰਘ ਮੰਡੇਰ)

ਫਤਿਹਾਬਾਦ ਜ਼ਿਲ੍ਹਾ ਵਿਕਾਸ ਅਤੇ ਤਾਲਮੇਲ ਕਮੇਟੀ (ਦਿਸ਼ਾ) ਦੀ ਇੱਕ ਮੀਟਿੰਗ ਮਿੰਨੀ ਸਕੱਤਰੇਤ ਦੇ ਆਡੀਟੋਰੀਅਮ ਵਿੱਚ ਹੋਈ, ਜਿਸਦੀ ਪ੍ਰਧਾਨਗੀ ਸਿਰਸਾ ਲੋਕ ਸਭਾ ਹਲਕੇ ਦੀ ਸੰਸਦ ਮੈਂਬਰ (ਐਮਪੀ) ਕੁਮਾਰੀ ਸ਼ੈਲਜਾ ਨੇ ਕੀਤੀ। ਵੱਖ-ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀ - ਜਿਨ੍ਹਾਂ ਵਿੱਚ ਡਿਪਟੀ ਕਮਿਸ਼ਨਰ ਡਾ. ਵਿਵੇਕ ਭਾਰਤੀ, ਪੁਲਿਸ ਸੁਪਰਡੈਂਟ ਸ਼੍ਰੀਮਤੀ ਨਿਕਿਤਾ ਖੱਟੜ, ਏਡੀਸੀ ਅਨੁਰਾਗ ਧਾਲੀਆ, ਸਿਟੀ ਮੈਜਿਸਟ੍ਰੇਟ ਗੌਰਵ ਗੁਪਤਾ ਅਤੇ ਜ਼ਿਲ੍ਹਾ ਟਰਾਂਸਪੋਰਟ ਅਧਿਕਾਰੀ ਸੰਜੇ ਬਿਸ਼ਨੋਈ ਸ਼ਾਮਲ ਸਨ - ਮੀਟਿੰਗ ਵਿੱਚ ਮੌਜੂਦ ਸਨ।

ਮੀਟਿੰਗ ਦੌਰਾਨ, ਜ਼ਿਲ੍ਹਾ ਪ੍ਰਸ਼ਾਸਨ ਨੇ ਪਿਛਲੀ ਦਿਸ਼ਾ ਮੀਟਿੰਗ ਦੌਰਾਨ ਸੰਸਦ ਮੈਂਬਰ ਸ਼ੈਲਜਾ ਦੁਆਰਾ ਜਾਰੀ ਨਿਰਦੇਸ਼ਾਂ ਸੰਬੰਧੀ ਕੀਤੀਆਂ ਗਈਆਂ ਕਾਰਵਾਈਆਂ ਬਾਰੇ ਇੱਕ ਵਿਸਤ੍ਰਿਤ ਰਿਪੋਰਟ ਪੇਸ਼ ਕੀਤੀ। ਵੱਖ-ਵੱਖ ਵਿਭਾਗਾਂ ਵਿੱਚ ਵਿਕਾਸ ਕਾਰਜਾਂ ਅਤੇ ਯੋਜਨਾਵਾਂ ਦੀ ਪ੍ਰਗਤੀ ਦੀ ਵੀ ਸਮੀਖਿਆ ਕੀਤੀ ਗਈ। ਸੈਸ਼ਨ ਦੌਰਾਨ, ਸੰਸਦ ਮੈਂਬਰ ਨੇ ਫਤਿਹਾਬਾਦ ਨਗਰ ਕੌਂਸਲ ਦੇ ਕੰਮਕਾਜ ਪ੍ਰਤੀ ਸਖਤ ਨਾਰਾਜ਼ਗੀ ਪ੍ਰਗਟ ਕੀਤੀ। ਉਨ੍ਹਾਂ ਨੇ ਸ਼ਹਿਰ ਵਿੱਚ ਸਫਾਈ ਪ੍ਰਣਾਲੀ ਅਤੇ ਅਧੂਰੇ ਵਿਕਾਸ ਪ੍ਰੋਜੈਕਟਾਂ ਦੀ ਸਥਿਤੀ ਬਾਰੇ ਅਧਿਕਾਰੀਆਂ ਤੋਂ ਸਪੱਸ਼ਟੀਕਰਨ ਮੰਗਿਆ। ਨਗਰ ਕੌਂਸਲ ਦੇ ਅਧਿਕਾਰੀਆਂ ਨੇ ਕੁਝ ਪ੍ਰੋਜੈਕਟਾਂ ਦੇ ਲੰਬਿਤ ਹੋਣ ਦਾ ਕਾਰਨ ਜ਼ਮੀਨ ਨਾਲ ਸਬੰਧਤ ਵਿਵਾਦਾਂ ਨੂੰ ਦੱਸਿਆ ਜੋ ਇਸ ਸਮੇਂ ਅਦਾਲਤ ਵਿੱਚ ਵਿਚਾਰ ਅਧੀਨ ਹਨ। ਇਸ ਦਾ ਜਵਾਬ ਦਿੰਦੇ ਹੋਏ, ਸੰਸਦ ਮੈਂਬਰ ਸ਼ੈਲਜਾ ਨੇ ਅਧਿਕਾਰੀਆਂ ਨੂੰ ਝਿੜਕਿਆ, ਸਵਾਲ ਕੀਤਾ ਕਿ - ਜੇਕਰ ਕਿਸੇ ਕਾਰਨ ਕਰਕੇ ਨਵੇਂ ਪ੍ਰੋਜੈਕਟ ਸ਼ੁਰੂ ਨਹੀਂ ਕੀਤੇ ਜਾ ਸਕਦੇ - ਤਾਂ ਪਹਿਲਾਂ ਹੀ ਪੂਰੇ ਹੋ ਚੁੱਕੇ ਪ੍ਰੋਜੈਕਟਾਂ ਦੀ ਸਫਾਈ ਅਤੇ ਰੱਖ-ਰਖਾਅ ਨੂੰ ਕਿਉਂ ਅਣਗੌਲਿਆ ਕੀਤਾ ਜਾ ਰਿਹਾ ਹੈ। 20 ਮਈ ਨੂੰ ਆਪਣੇ ਮੋਬਾਈਲ ਫੋਨ 'ਤੇ ਲਈਆਂ ਗਈਆਂ ਹਾਲੀਆ ਤਸਵੀਰਾਂ ਦਿਖਾਉਂਦੇ ਹੋਏ, ਉਨ੍ਹਾਂ ਨੇ ਅਧਿਕਾਰੀਆਂ ਨੂੰ ਦੱਸਿਆ ਕਿ ਸ਼ਹਿਰ ਦੀ ਅਸਲ ਸਥਿਤੀ ਕਿਸੇ ਤੋਂ ਗੁਪਤ ਨਹੀਂ ਹੈ, ਅਤੇ ਜਨਤਾ ਨੂੰ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨਾ ਪ੍ਰਸ਼ਾਸਨ ਦੀ ਮੁੱਖ ਜ਼ਿੰਮੇਵਾਰੀ ਹੈ।

ਮੀਟਿੰਗ ਦੌਰਾਨ, ਸੰਸਦ ਮੈਂਬਰ ਕੁਮਾਰੀ ਸ਼ੈਲਜਾ ਨੇ ਜਨ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਕੌਮੀ ਨੂੰ ਪੂਰਾ ਕਰਨ ਵਿੱਚ ਲਾਪਰਵਾਹੀ ਲਈ ਸਖ਼ਤ ਤਾੜਨਾ ਕੀਤੀ, ਸਪੱਸ਼ਟ ਨਿਰਦੇਸ਼ ਜਾਰੀ ਕੀਤੇ ਕਿ ਆਮ ਜਨਤਾ ਨੂੰ ਸਿੱਧੇ ਤੌਰ 'ਤੇ ਪ੍ਰਭਾਵਿਤ ਕਰਨ ਵਾਲੇ ਮਾਮਲਿਆਂ ਵਿੱਚ ਕਿਸੇ ਵੀ ਤਰ੍ਹਾਂ ਦੀ ਢਿੱਲ-ਮੱਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਸੰਸਦ ਮੈਂਬਰ ਨੇ ਅਧਿਕਾਰੀਆਂ ਨੂੰ ਵਿਕਾਸ ਕਾਰਜਾਂ ਦੀ ਗਤੀ ਨੂੰ ਤੇਜ਼ ਕਰਨ ਅਤੇ ਸ਼ਹਿਰ ਦੇ ਅੰਦਰ ਸਫਾਈ, ਪੀਣ ਵਾਲੇ ਪਾਣੀ ਦੀ ਸਪਲਾਈ ਅਤੇ ਹੋਰ ਬੁਨਿਆਦੀ ਸਹੂਲਤਾਂ ਦੇ ਸੁਧਾਰ ਨੂੰ ਤਰਜੀਹ ਦੇਣ ਦੇ ਨਿਰਦੇਸ਼ ਦਿੱਤੇ।

ਵੈਟਨਰੀ ਯੂਨੀਵਰਸਿਟੀ ਵਿਖੇ ਸਾਈਬਰ ਸੁਰੱਖਿਆ ਪ੍ਰਤੀ ਕਰਵਾਇਆ ਗਿਆ ਜਾਗਰੂਕਤਾ ਸੈਸ਼ਨ

ਲੁਧਿਆਣਾ 21 ਮਈ (ਪੈਗ਼ਾਮ-ਏ-ਜਗਤ)

ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ, ਲੁਧਿਆਣਾ ਦੇ ਵਿਦਿਆਰਥੀ ਭਲਾਈ ਨਿਰਦੇਸ਼ਾਲੇ ਦੀ ਰਾਸ਼ਟਰੀ ਸੇਵਾ ਯੋਜਨਾ ਇਕਾਈ ਵੱਲੋਂ 'ਐਕਟ ਹਿਊਮਨ ਸੋਸਾਇਟੀ' ਦੇ ਸਹਿਯੋਗ ਨਾਲ ਸਾਈਬਰ ਅਪਰਾਧ ਅਤੇ ਡਿਜੀਟਲ ਸੁਰੱਖਿਆ ਦੀਆਂ ਵੱਧਦੀਆਂ ਚੁਣੌਤੀਆਂ ਬਾਰੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਜਾਗਰੂਕ ਕਰਨ ਹਿਤ ਇਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।

ਡਾ. ਜਤਿੰਦਰ ਪਾਲ ਸਿੰਘ ਗਿੱਲ, ਉਪ-ਕੁਲਪਤੀ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਦੇ ਡਿਜੀਟਲ ਯੁੱਗ ਵਿੱਚ ਸਾਈਬਰ ਸੁਰੱਖਿਆ ਕੋਈ ਵਿਕਲਪ ਨਹੀਂ ਸਗੋਂ ਇਕ ਉਚ ਸਿੱਖਿਆ ਪ੍ਰਾਪਤ ਅਤੇ ਗਿਆਨਵਾਨ ਲੋਕ ਵੀ ਸਾਈਬਰ ਧੋਖਾਧੜੀ ਦਾ ਸ਼ਿਕਾਰ ਹੋ ਰਹੇ ਹਨ। ਡਾ. ਰਾਬਿੰਦਰ ਸਿੰਘ ਅਲੇਖ, ਨਿਰਦੇਸ਼ਕ ਵਿਦਿਆਰਥੀ ਭਲਾਈ ਨੇ ਐਕਟ ਹਿਊਮਨ ਸੋਸਾਇਟੀ ਵੱਲੋਂ ਸਰੀਰਕ ਸਮੱਸਿਆਵਾਂ, ਵਾਤਾਵਰਣ ਸੁਰੱਖਿਆ, ਪੇਸ਼ੇਵਰ ਗਿਆਨ, ਡਾਕਟਰੀ ਸਹਾਇਤਾ ਅਤੇ ਕੌਸ਼ਲ ਵਰਗੀ ਖਿਆਰੀ ਦੀਆਂ ਚੁਣੌਤੀਆਂ ਲਈ ਕੀਤੇ ਜਾ ਰਹੇ ਸ਼ਲਾਘਾਯੋਗ ਉਪਰਾਲਿਆਂ ਬਾਰੇ ਚਾਨਣਾ ਪਾਇਆ। ਤਰੁਣ ਮਲਹੋਤਰਾ, ਕੁੰਜੀਵਤ ਬੁਲਾਰੇ ਅਤੇ ਸਾਈਬਰ ਸਪਲੰਕ ਅਤੇ ਸਾਈਬਰ ਅਕੈਡਮੀ ਦੇ ਸੰਸਥਾਪਕ ਨੇ ਸਾਈਬਰ ਜਾਗਰੂਕਤਾ ਅਤੇ ਡਿਜੀਟਲ ਭਰੋਸੇ ਨੂੰ ਬਣਾਉਣ ਵਾਸਤੇ ਦਿਲਚਸਪ ਅਤੇ ਜਾਣਕਾਰੀ ਭਰਪੂਰ ਸੰਬੋਧਨ ਕੀਤਾ। ਉਨ੍ਹਾਂ ਨੇ ਸਾਈਬਰ ਧੋਖਾਧੜੀ ਨਾਲ ਵਧ ਰਹੇ ਖ਼ਤਰਿਆਂ ਬਾਰੇ ਦੱਸਿਆ ਅਤੇ ਡਾਟਾ ਸੁਰੱਖਿਆ ਤੇ ਆਨਲਾਈਨ ਠੱਗੀਆਂ ਤੋਂ ਬਚਾਅ ਬਾਰੇ ਮਾਰਗਦਰਸ਼ਨ ਕੀਤਾ। ਉਨ੍ਹਾਂ ਨੇ ਸੁਰੱਖਿਅਤ ਪਾਸਵਰਡ ਅਤੇ ਠੱਗੀ ਦੀਆਂ ਕੋਸ਼ਿਸ਼ਾਂ ਦੇ ਢੰਗ ਤਰੀਕਿਆਂ ਬਾਰੇ ਵੀ ਜਾਣਕਾਰੀ ਦਿੱਤੀ।

ਸ਼੍ਰੀਮਤੀ ਹਰਲੀਨ ਕੌਰ, ਸੰਸਥਾਪਕ, ਐਕਟ ਹਿਊਮ ਸੋਸਾਇਟੀ ਨੇ ਇਸ ਸੋਸਾਇਟੀ ਵੱਲੋਂ ਸਮਾਜਕ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਨੂੰ ਸਾਂਝਾ ਕੀਤਾ ਅਤੇ ਕਿਹਾ ਕਿ ਸਾਡਾ ਉਦੇਸ਼ ਹਮਦਰਦ ਅਤੇ ਜ਼ਿੰਮੇਵਾਰ ਸਮਾਜਕ ਵਾਤਾਵਰਣ ਸਿਰਜਣਾ ਹੈ। ਡਾ. ਨਿਧੀ ਸ਼ਰਮਾ ਨੇ ਦੱਸਿਆ ਕਿ ਇਸ ਚਰਚਾ ਦਾ ਕੌਮੀ ਸੇਵਾ ਯੋਜਨਾ ਦੇ ਵਲੰਟੀਅਰ ਵਿਦਿਆਰਥੀਆਂ ਨੂੰ ਬਹੁਤ ਫਾਇਦਾ ਹੋਵੇਗਾ। ਡਾ. ਵਰਿੰਦਰ ਉਪਲ, ਨਿਰਦੇਸ਼ਕ, ਮਨੁੱਖੀ ਸਾਧਨ ਪ੍ਰਬੰਧਨ ਕੇਂਦਰ ਨੇ ਧੰਨਵਾਦ ਦਾ ਮਤਾ ਸਾਂਝਾ ਕੀਤਾ। ਡਾ. ਰਾਮ ਸਰਨ ਸੇਠੀ, ਡੀਨ, ਕਾਲਜ ਆਫ ਐਨੀਮਲ ਬਾਇਓਤਕਨਾਲੋਜੀ ਨੇ ਸੈਸ਼ਨ ਨੂੰ ਜਾਣਕਾਰੀ ਭਰਪੂਰ ਢੁੱਕਵਾਂ ਅਤੇ ਸਮੇਂ ਦੇ ਹਾਣ ਦਾ ਦਸਿਆ। ਇਸ ਮੌਕੇ ਵਿਭਿੰਨ ਕਾਲਜਾਂ ਦੇ ਐਨ ਐਸ ਐਸ ਪ੍ਰੋਗਰਾਮ ਅਫ਼ਸਰ ਡਾ. ਰਾਜੇਸ਼ ਕਸ਼ਗੀਜਾ, ਡਾ. ਚੇਦਰ ਸ਼ੇਖਰ ਮੁਖੋਪਾਧਿਆਇ, ਡਾ. ਨਰਿੰਦਰ ਕੁਮਾਰ, ਡਾ. ਵਿਸ਼ਾਲ ਸ਼ਰਮਾ ਅਤੇ ਡਾ. ਸਵੰਦ ਹਸਨ ਵੀ ਮੌਜੂਦ ਸਨ।

ਮਾਡਲ ਟਾਊਨ ਦੇ ਪੰਜੇ ਪਾਰਕਾਂ ਦੀ ਖ਼ਸਤਾ ਹਾਲਤ 'ਤੇ ਰੋਸ, ਨਗਰ ਪਾਲਿਕਾ ਸਕੱਤਰ ਨੂੰ ਸੌਂਪਿਆ ਮੰਗ-ਪੱਤਰ

ਪੈਗ਼ਾਮ-ਏ-ਜਗਤ

ਅੰਬਾਲਾ ਛਾਉਣੀ ਦਾ ਪਹਿਲੀ ਆਜ਼ਾਦੀ ਦੀ ਲੜਾਈ ਦਾ ਸਮਾਰਕ ਦੇਸ਼ ਭਗਤੀ ਲਈ ਪ੍ਰੇਰਨਾ ਸਥਾਨ ਬਣੇਗਾ-ਮੁੱਖ ਮੰਤਰੀ ਨਾਇਬ ਸਿੰਘ ਸੈਣੀ

ਇਹ ਯਾਦਗਾਰ 1857 ਦੇ ਅਣਗੌਲੇ ਨਾਇਕਾਂ ਦੀ ਸ਼ਾਨਦਾਰ ਕਹਾਣੀ ਨੂੰ ਜ਼ਿੰਦਾ ਕਰੇਗੀ- ਅਨਿਲ ਵਿਜ

ਪੈਗ਼ਾਮ-ਏ-ਜਗਤ
ਅੰਬਾਲਾ, 21 ਮਈ (ਆਰ.ਸਿੰਘ)

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਅੰਬਾਲਾ ਛਾਉਣੀ ਵਿੱਚ ਆਜ਼ਾਦੀ ਦੀ ਪਹਿਲੀ ਲੜਾਈ ਦੇ ਸ਼ਹੀਦਾਂ ਦਾ ਸਮਾਰਕ, 1857 ਦੀ ਆਜ਼ਾਦੀ ਦੀ ਲੜਾਈ ਦੀ ਸ਼ਾਨਦਾਰ ਕਹਾਣੀ ਨੂੰ ਸਮਰਪਿਤ, ਦੇਸ਼ ਭਗਤੀ, ਬਹਾਦਰੀ ਅਤੇ ਕੁਰਬਾਨੀ ਦਾ ਇੱਕ ਸ਼ਾਨਦਾਰ ਪ੍ਰਤੀਕ ਹੋਵੇਗਾ। ਉਨ੍ਹਾਂ ਕਿਹਾ ਕਿ ਇਹ ਸਮਾਰਕ ਨਾ ਸਿਰਫ਼ ਸਾਡੀ ਇਤਿਹਾਸਕ ਵਿਰਾਸਤ ਨੂੰ ਸੁਰੱਖਿਅਤ ਰੱਖਿਆ ਬਲਕਿ ਆਉਣ ਵਾਲੀਆਂ ਪੀੜ੍ਹੀਆਂ, ਖ਼ਾਸ ਕਰਕੇ ਨੌਜਵਾਨਾਂ ਲਈ ਪ੍ਰੇਰਨਾ ਦਾ ਇੱਕ ਸ਼ਕਤੀਸ਼ਾਲੀ ਸਰੋਤ ਵੀ ਬਣੇਗਾ।

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਵੀਰਵਾਰ ਨੂੰ ਅੰਬਾਲਾ ਛਾਉਣੀ ਵਿੱਚ ਨਿਰਮਾਣ ਅਧੀਨ ਪਹਿਲੇ ਆਜ਼ਾਦੀ ਸੰਗਰਾਮ ਸ਼ਹੀਦ ਸਮਾਰਕ ਦਾ ਨਿਰੀਖਣ ਕਰ ਰਹੇ ਸਨ। ਜ??ਕਿਯੋਗ ਹੈ ਕਿ ਇਸ ਸਮਾਰਕ 'ਤੇ ਕੰਮ ਤੁਣ ਆਪਣੇ ਅੰਤਿਮ ਪੜਾਅ 'ਤੇ ਹੈ। ਇਸ ਮੌਕੇ 'ਤੇ ਹਰਿਆਣਾ ਦੇ ਉਰਜਾ, ਆਵਾਜਾਈ ਅਤੇ ਕਿਰਤ ਮੰਤਰੀ ਅਨਿਲ ਵਿਜ, ਰਾਜ ਸਰਕਾਰ ਦੇ ਸੀਨੀਅਰ ਅਧਿਕਾਰੀ, ਇਤਿਹਾਸਕਾਰ, ਡਿਜ਼ਾਈਨ ਮਾਹਿਰ ਅਤੇ ਸਥਾਪਿਤ ਵਿਕਾਰਾਂ ਦੇ ਅਧਿਕਾਰੀ ਵੀ ਮੌਜੂਦ ਸਨ।

ਮੁੱਖ ਮੰਤਰੀ ਨੇ ਯਾਦਗਾਰੀ ਕੰਪਲੈਕਸ ਦੇ ਵਿਸਤਰਿਤ ਨਿਰੀਖਣ ਦੌਰਾਨ ਉਸਾਰੀ ਕਾਰਜ ਦੀ ਗੁਣਵੱਤਾ, ਇਸ ਦੀ ਇਤਿਹਾਸਕ ਪੇਸ਼ਕਾਰੀ ਅਤੇ ਆਧੁਨਿਕ ਤਕਨਾਲੋਜੀ ਨੂੰ ਸ਼ਾਮਲ ਕਰਨ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਕਿਹਾ ਕਿ ਇਹ ਸਮਾਰਕ ਦੇਸ਼ ਦੀ ਆਜ਼ਾਦੀ

ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਬਹਾਦਰ ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ। ਉਨ੍ਹਾਂ ਕਿਹਾ ਕਿ 1857 ਦੀ ਆਜ਼ਾਦੀ ਦੀ ਪਹਿਲੀ ਜੰਗ ਭਾਰਤ ਦੇ ਇਤਿਹਾਸ ਦਾ ਇੱਕ ਸੁਨਹਿਰੀ ਅਧਿਆਇ ਹੈ ਅਤੇ ਇਹ ਸਮਾਰਕ ਨੌਜਵਾਨ ਪੀੜ੍ਹੀ ਨੂੰ ਦੇਸ਼ ਭਗਤੀ, ਬੁਰਬਾਦੀ ਅਤੇ ਰਾਸ਼ਟਰੀ ਸਮਰਪਣ ਲਈ ਪ੍ਰੇਰਿਤ ਕਰੇਗਾ। ਮੁੱਖ ਮੰਤਰੀ ਸੈਣੀ ਨੇ ਕਿਹਾ ਕਿ ਹਰਿਆਣਾ ਨਾਇਕਾਂ ਅਤੇ ਸ਼ਹੀਦਾਂ ਦੀ ਧਰਤੀ ਰਹੀ ਹੈ ਅਤੇ ਰਾਜ ਸਰਕਾਰ ਆਜ਼ਾਦੀ ਘੁਲਾਟੀਆਂ ਅਤੇ ਰਾਸ਼ਟਰੀ ਨਾਇਕਾਂ ਦੀਆਂ ਯਾਦਾਂ ਨੂੰ ਸੁਰੱਖਿਅਤ ਰੱਖਣ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਯਾਦਗਾਰ ਆਧੁਨਿਕ ਤਕਨਾਲੋਜੀ, ਇਤਿਹਾਸਕ ਤੱਥਾਂ ਅਤੇ ਸ਼ਾਨਦਾਰ ਆਰਕੀਟੈਕਚਰ ਦਾ ਇੱਕ ਸ਼ਾਨਦਾਰ ਸੁਮੇਲ ਹੋਵੇਗੀ ਜੋ ਭਾਰਤ ਅਤੇ ਵਿਦੇਸ਼ਾਂ ਦੇ ਸੈਲਾਨੀਆਂ ਅਤੇ ਖੋਜਕਰਤਾਵਾਂ ਲਈ ਖਿੱਚ ਦਾ ਕੇਂਦਰ ਬਣੇਗੀ।

ਹਰਿਆਣਾ ਦੇ ਉਰਜਾ, ਆਵਾਜਾਈ ਅਤੇ ਕਿਰਤ ਮੰਤਰੀ ਅਨਿਲ ਵਿਜ ਨੇ ਆਜ਼ਾਦੀ ਦੀ ਪਹਿਲੀ ਜੰਗ ਦੇ ਸ਼ਹੀਦਾਂ ਦੇ ਸਮਾਰਕ ਦਾ ਨਿਰੀਖਣ ਕਰਦੇ ਹੋਏ ਮੁੱਖ ਮੰਤਰੀ ਨੂੰ ਸਮਾਰਕ ਨਾਲ ਸਬੰਧਿਤ ਵੱਖ-ਵੱਖ ਪ੍ਰਬੰਧਾਂ, ਤਕਨੀਕੀ ਪ੍ਰਬੰਧਾਂ ਅਤੇ ਨਿਰਮਾਣ ਕਾਰਜਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਪ੍ਰਦਾਨ ਕਰੀ। ਉਨ੍ਹਾਂ ਕਿਹਾ ਕਿ 1857 ਦੀ ਕ੍ਰਾਂਤੀ 'ਤੇ ਇੱਕ ਛੋਟੀ ਦਸਤਾਵੇਜ਼ੀ ਵੀ ਦੇਖੀ ਅਤੇ ਪ੍ਰਸ਼ੰਸਾ ਕੀਤੀ। ਇਸ ਮੌਕੇ ਮੁੱਖ ਮੰਤਰੀ ਅਤੇ ਉਰਜਾ ਮੰਤਰੀ ਨੇ ਯਾਦਗਾਰ ਦੇ ਵਿਹੜੇ ਵਿੱਚ ਇੱਕ ਤੁਲਤਾਕਸ਼ ਦਾ ਰੁੱਖ ਵੀ ਲਗਾਇਆ।

ਇਸ ਮੌਕੇ ਤੇ ਲੋਕ ਨਿਰਮਾਣ ਵਿਭਾਗ ਦੇ ਵਧੀਕ ਮੁੱਖ ਸਕੱਤਰ ਅਪੂਰਵ ਕੁਮਾਰ ਸਿੰਘ, ਸੂਚਨਾ, ਲੋਕ ਸੰਪਰਕ, ਭਾਸ਼ਾ ਅਤੇ ਕਲਾ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਡਾ. ਅਮਿਤ ਅਗਰਵਾਲ, ਸੂਚਨਾ, ਲੋਕ ਸੰਪਰਕ ਅਤੇ ਭਾਸ਼ਾ ਵਿਭਾਗ ਦੇ ਡਾਇਰੈਕਟਰ ਜਨਰਲ ਕੇ. ਮਕਰੰਦ ਪਾਂਡੂਰੰਗੀ, ਭਾਜਪਾ ਜ਼ਿਲ੍ਹਾ ਪ੍ਰਧਾਨ ਮਨਦੀਪ ਰਾਣਾ, ਡਿਪਟੀ ਕਮਿਸ਼ਨਰ ਅਜੈ ਸਿੰਘ ਤੋਮਰ, ਐਸ.ਪੀ ਅਜੀਤ ਸਿੰਘ ਸ਼ੇਖਾਵਤ, ਐਸਡੀਐਮ ਸ਼੍ਰੀਮਤੀ ਕਨਿਕਾ ਗੋਇਲ, ਸ਼ਹੀਦ ਸਮਾਰਕ ਦੇ ਡਾਇਰੈਕਟਰ ਡਾ. ਕੁਲਦੀਪ ਸੈਣੀ, ਸੀਨੀਅਰ ਇਤਿਹਾਸਕਾਰ ਕਪਿਲ ਕੁਮਾਰ ਅਤੇ ਹੋਰ ਅਧਿਕਾਰੀ ਮੌਜੂਦ ਸਨ।

ਪੁਰਾਣੇ ਵਿਦਿਆਰਥੀ-ਅਧਿਆਪਕ ਮਿਲਣੀ ਸਮੇਂ ਸਕੂਲ ਨੂੰ ਸਪੋਰਟਸ ਪ੍ਰਬੰਧਨ ਉਪਕਰਣ ਭੇਟ

ਚੰਡੀਗੜ੍ਹ, 21 ਮਈ
(ਪੈਗ਼ਾਮ-ਏ-ਜਗਤ)

ਸਰਕਾਰੀ ਮਾਡਲ ਹਾਈ ਸਕੂਲ ਸੈਕਟਰ-40 ਏ ਚੰਡੀਗੜ੍ਹ ਵਿਖੇ ਇਸ ਸਕੂਲ ਦੇ 25 ਸਾਲ ਪੁਰਾਣੇ ਵਿਦਿਆਰਥੀਆਂ ਵਲੋਂ ਇੱਕ ਸ਼ਾਨਦਾਰ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਉਸ ਸਮੇਂ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਮਿਲਣੀ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਦੇ ਮੁੱਖ ਮਹਿਮਾਨ ਸਾਬਕਾ ਮੁੱਖ ਅਧਿਆਪਕ ਬਹਾਦਰ ਸਿੰਘ ਗੋਸਲ ਸਨ ਅਤੇ ਸਮਾਗਮ ਦੀ ਪ੍ਰਧਾਨਗੀ ਮੌਜੂਦਾ ਮੁੱਖ ਅਧਿਆਪਕ ਸ੍ਰੀ ਪ੍ਰਵੀਨ ਕੁਮਾਰ ਮਹਿਤਾ ਨੇ ਕੀਤੀ। ਇਸ ਸਮਾਗਮ ਵਿੱਚ 25 ਸਾਲ ਪਹਿਲਾ ਦੇ ਬਹੁਤ ਸਾਰੇ ਉਹ ਅਧਿਆਪਕ ਸ਼ਾਮਲ ਹੋਏ ਜਿਨ੍ਹਾਂ ਨੇ ਇਸ ਸਕੂਲ ਵਿੱਚ ਉਸ ਸਮੇਂ ਦੇ ਵਿਦਿਆਰਥੀਆਂ ਨੂੰ ਵੱਖ-ਵੱਖ ਵਿਸ਼ਿਆਂ ਵਿੱਚ ਪੜ੍ਹਾਇਆ ਸੀ। ਇਸ ਤੋਂ ਇਲਾਵਾ ਸਾਬਕਾ ਮੁੱਖ ਅਧਿਆਪਕ ਜਸਪਾਲ ਸਿੰਘ ਅਤੇ ਮਨੇਜ਼ ਕੁਮਾਰ ਵੀ ਹਾਜ਼ਰ ਰਹੇ।

ਸਮਾਗਮ ਦੇ ਪ੍ਰਬੰਧਕ ਪੁਰਾਣੇ ਵਿਦਿਆਰਥੀ ਸ੍ਰ. ਸ਼ਲਿੰਦਰ ਸਿੰਘ ਅਤੇ ਕੁਲਵੀਰ ਸਿੰਘ ਨੇ ਦੱਸਿਆ

ਕਿ ਅੱਜ ਦੇ ਇਸ ਸਮਾਗਮ ਵਿੱਚ ਪੁਰਾਣੇ ਅਧਿਆਪਕਾਂ ਨਾਲ ਮਿਲਣੀ ਕਰਨ ਦੇ ਮਨੋਰਥ ਨਾਲ ਇੱਕ ਹੋਰ ਉੱਦਮ ਕੀਤਾ ਗਿਆ ਹੈ ਜਿਸ ਅਨੁਸਾਰ ਸਾਬਕਾ ਵਿਦਿਆਰਥੀਆਂ ਵਲੋਂ ਸਕੂਲ ਦੇ ਲਈ ਸਪੋਰਟਸ ਪ੍ਰਬੰਧਨ ਲਈ ਸ਼ਾਨਦਾਰ ਉਪਕਰਣ ਭੇਟ ਕੀਤਾ ਗਿਆ ਹੈ। ਮੁੱਖ ਮਹਿਮਾਨ ਪ੍ਰਿ. ਬਹਾਦਰ ਸਿੰਘ ਗੋਸਲ ਅਤੇ ਪ੍ਰਵੀਨ ਕੁਮਾਰ ਮਹਿਤਾ ਨੇ ਸਕੂਲ ਲਈ ਇਹ ਭੇਟ ਪ੍ਰਵਾਨ ਕੀਤੀ ਅਤੇ ਇਸ ਲਈ ਪੁਰਾਣੇ ਵਿਦਿਆਰਥੀਆਂ ਦੇ ਸਮੂਹ ਦਾ ਧੰਨਵਾਦ ਕੀਤਾ।

ਇਸ ਸਮਾਗਮ ਦੇ ਦੌਰਾਨ ਸਮੂਹ ਅਧਿਆਪਕਾਂ ਨੇ ਆਪਣੀਆਂ ਪੁਰਾਣੀਆਂ ਯਾਦਾਂ ਨੂੰ ਯਾਦ ਕਰਦੇ ਹੋਏ ਵਿਸਥਾਰ ਪੂਰਵਕ ਆਪਣੇ ਆਪਣੇ ਕੀਤੇ ਕੰਮਾਂ ਦਾ ਵੇਰਵਾ ਦਿੱਤਾ। ਮੁੱਖ ਮਹਿਮਾਨ ਬਹਾਦਰ ਸਿੰਘ ਗੋਸਲ ਨੇ ਆਪਣੇ ਸਮੇਂ ਦੇ ਇਸ ਸਕੂਲ ਵਿੱਚ ਚਲਾਏ ਗਏ ਵਿਲੱਖਣ ਪ੍ਰੋਜੈਕਟ "ਬੋਰੀ ਤੋਂ ਬਸਤਾ", "ਚਲੋ ਬੋਟੀ ਸਕੂਲ", "ਸੋਡੇ ਸਕੂਲ", "ਆਸਰਾ" ਅਤੇ "ਨਰਸਰੀ ਪੈਰਾਡਾਈਜ਼" ਦਾ ਵਿਸਥਾਰ ਪੂਰਵਕ ਵਰਣਨ ਕੀਤਾ ਅਤੇ ਇਸ ਗੱਲ ਤੇ ਖੁਸ਼ੀ ਪ੍ਰਗਟ ਕੀਤੀ ਕਿ ਇਸ ਸਕੂਲ ਵਿੱਚ ਚਲਾਏ ਗਏ ਉਨ੍ਹਾਂ ਦੇ ਪ੍ਰੋਜੈਕਟਾਂ ਨੇ ਖੂਬ ਨਾਮਣਾ ਖੱਟਿਆ ਅਤੇ ਇਸ ਲਈ ਉਨ੍ਹਾਂ ਨੇ ਉਸ ਸਮੇਂ ਦੇ ਅਧਿਆਪਕਾਂ ਦਾ ਧੰਨਵਾਦ ਵੀ ਕੀਤਾ ਜਿਨ੍ਹਾਂ ਕਰਕੇ ਇਹ ਪ੍ਰਾਜੈਕਟ ਸਫਲਤਾ ਪੂਰਵਕ ਸਿਰੇ ਚੜ੍ਹਾਏ ਗਏ। ਉਨ੍ਹਾਂ ਨੇ ਇਨ੍ਹਾਂ ਦੀ ਕਾਮਯਾਬੀ ਲਈ ਮੀਡੀਆ ਦਾ ਵੀ ਧੰਨਵਾਦ ਕੀਤਾ ਜਿਸ ਨੇ ਇਨ੍ਹਾਂ ਪ੍ਰਾਜੈਕਟਾਂ ਦਾ ਖੂਬ ਪ੍ਰਚਾਰ ਕੀਤਾ। ਇਸ ਦੇ ਨਾਲ ਹੀ ਉਨ੍ਹਾਂ ਨੇ ਪੁਰਾਣੇ ਵਿਦਿਆਰਥੀਆਂ ਵਲੋਂ ਵਿਦਿਆਰਥੀ ਅਧਿਆਪਕ ਮਿਲਣੀ ਆਯੋਜਨ ਕਰਨ ਲਈ ਨਿਵੇਕਲੀ ਸੋਚ ਦੀ ਵਧਾਈ ਦਿੱਤੀ। ਉਨ੍ਹਾਂ ਨੇ ਹਾਜ਼ਰ ਸਾਬਕਾ ਮੁੱਖ ਅਧਿਆਪਕਾਂ, ਅਧਿਆਪਕਾਂ ਅਤੇ ਅਧਿਆਪਕਾਵਾਂ ਦਾ ਸਕੂਲ ਦੀ ਉੱਨਤੀ ਲਈ ਭਰਪੂਰ ਉਪਰਾਲਿਆਂ ਦੀ ਪ੍ਰਸ਼ੰਸਾ ਕੀਤੀ। ਜਿਨ੍ਹਾਂ ਪੁਰਾਣੇ ਅਧਿਆਪਕਾਂ ਨੇ ਇਸ ਮਿਲਣੀ ਵਿੱਚ ਭਾਗ ਲਿਆ ਉਨ੍ਹਾਂ ਵਿੱਚ ਰਵਿੰਦਰ ਸਿੰਘ, ਰਾਜੂਲ ਤਿਵਾੜੀ, ਵੀਨਾ ਕੁਮਾਰੀ, ਇੰਦੂ ਬਾਲਾ, ਸ਼ਰਨਦੀਪ ਕੌਰ, ਕੋਮਲ ਜ਼ਹਾਮ, ਸ੍ਰੀ ਮਤੀ ਕਾਂਤਾ ਚੋਪੜਾ, ਸ੍ਰੀ ਮਤੀ ਸੁਰਜੀਤ ਕੌਰ, ਸ੍ਰੀ ਮਤੀ ਬਲਵਿੰਦਰ ਕੌਰ, ਸ੍ਰੀ ਮਤੀ ਰਾਜਿੰਦਰ ਕੌਰ, ਸ੍ਰੀ ਮਤੀ ਪਰਨੀਤ ਪ੍ਰਤਿਮਾ ਕੌਰ, ਸ੍ਰੀ ਮਨੋਜ ਕੁਮਾਰ, ਜਗਪਾਲ ਸਿੰਘ, ਹਰਕੀਰਤ ਸਿੰਘ, ਬਹਾਦਰ ਸਿੰਘ ਗੋਸਲ, ਪ੍ਰਵੀਨ ਕੁਮਾਰ ਮਹਿਤਾ ਵੀ ਸ਼ਾਮਲ ਸਨ। ਇਸ ਮੌਕੇ ਤੇ ਪੁਰਾਣੇ ਵਿਦਿਆਰਥੀਆਂ ਵਲੋਂ ਆਪਣੇ ਅਧਿਆਪਕਾਂ ਨੂੰ ਫੁੱਲ ਅਤੇ ਤੋਹਫੇ ਦੇ ਕੇ ਸਨਮਾਨਿਤ ਕੀਤਾ।

ਸਮਾਗਮ ਦੇ ਅੰਤ ਵਿੱਚ ਸਕੂਲ ਮੁੱਖ ਅਧਿਆਪਕ ਪ੍ਰਵੀਨ ਮਹਿਤਾ ਨੇ ਸਾਰੇ ਆਏ ਹੋਏ ਮਹਿਮਾਨਾਂ ਅਤੇ ਖਾਸ ਕਰਕੇ ਪੁਰਾਣੇ ਵਿਦਿਆਰਥੀਆਂ ਦਾ ਇਸ ਸਮਾਗਮ ਦੀ ਸਫਲਤਾ ਲਈ ਧੰਨਵਾਦ ਕੀਤਾ।

ਚੋਣ ਕਮਿਸ਼ਨ ਦੇ ਨਿਰਦੇਸ਼ਾਂ ਅਨੁਸਾਰ ਐਸ.ਆਈ.ਆਰ. ਕਾਰਜ ਚਲਾਓ: ਡੀਸੀ ਅਤੇ ਜ਼ਿਲ੍ਹਾ ਚੋਣ ਅਧਿਕਾਰੀ ਰਾਹੁਲ ਨਰਵਾਲ

- **ਵੋਟਰ ਸੋਧ ਅਭਿਆਸ 15 ਜੂਨ ਤੋਂ 22 ਸਤੰਬਰ, 2026 ਤੱਕ ਚੱਲੇਗਾ: ਡੀਸੀ ਰਾਹੁਲ ਨਰਵਾਲ**

ਪੈਗ਼ਾਮ-ਏ-ਜਗਤ
ਹਾਂਸੀ (ਦਿਨਕਰ ਗਾਵਤੀ)

ਚੋਣਕਾਰ ਰਜਿਸਟ੍ਰੇਸ਼ਨ ਅਧਿਕਾਰੀਆਂ ਨੂੰ ਨਿਰਦੇਸ਼ ਜਾਰੀ ਕਰਦੇ ਹੋਏ, ਡਿਪਟੀ ਕਮਿਸ਼ਨਰ ਅਤੇ ਜ਼ਿਲ੍ਹਾ ਚੋਣ ਅਧਿਕਾਰੀ ਰਾਹੁਲ ਨਰਵਾਲ ਨੇ ਕਿਹਾ ਕਿ ਹਰਿਆਣਾ ਵਿੱਚ ਵੋਟਰ ਸੂਚੀ ਦੀ ਵਿਆਪਕ ਸੋਧ ਕੀਤੀ ਜਾਵੇਗੀ, ਜਿਸ ਵਿੱਚ 1 ਜੁਲਾਈ, 2026 ਨੂੰ ਯੋਗਤਾ ਮਿਤੀ ਵਜੋਂ ਲਿਆ ਜਾਵੇਗਾ। ਇਸ ਵਿਸ਼ੇਸ਼ ਸੋਧ ਅਭਿਆਸ ਲਈ ਸਿਖਲਾਈ 5 ਜੂਨ ਤੋਂ 14 ਜੂਨ ਤੱਕ ਕੀਤੀ ਜਾਵੇਗੀ।

ਚੋਣ ਕਮਿਸ਼ਨ ਦੇ ਨਿਰਦੇਸ਼ਾਂ ਅਨੁਸਾਰ, ਵੋਟਰ ਸੂਚੀਆਂ ਦੀ ਵਿਆਪਕ ਸੋਧ ਲਈ ਰਾਜਨੀਤਿਕ ਪਾਰਟੀਆਂ ਦੇ ਪ੍ਰਤੀਨਿਧੀਆਂ ਦਾ ਸਹਿਯੋਗ ਲਿਆ ਜਾਵੇਗਾ। ਡੀਸੀ ਅਤੇ ਜ਼ਿਲ੍ਹਾ ਚੋਣ ਅਧਿਕਾਰੀ ਰਾਹੁਲ ਨਰਵਾਲ ਨੇ ਵਿਸ਼ੇਸ਼ ਸੋਧਪ ਸੋਧ ਪ੍ਰਕਿਰਿਆ ਸੰਬੰਧੀ ਜ਼ਿਲ੍ਹੇ ਦੇ ਚੋਣਕਾਰ ਰਜਿਸਟ੍ਰੇਸ਼ਨ ਅਧਿਕਾਰੀਆਂ ਨੂੰ ਜ਼ਰੂਰੀ ਨਿਰਦੇਸ਼ ਜਾਰੀ ਕੀਤੇ।

ਉਨ੍ਹਾਂ ਕਿਹਾ ਕਿ ਹਰੇਕ ਰਾਜਨੀਤਿਕ ਪਾਰਟੀ ਨੂੰ ਹਰੇਕ ਵਿਧਾਨ ਸਭਾ ਹਲਕੇ ਲਈ ਇੱਕ ਬੂਥ ਲੈਵਲ ਏਜੇਂਟ ਨਿਯੁਕਤ ਕਰਨਾ ਹੋਵੇਗਾ - ਜਿਸਨੂੰ 'BLA-I' ਵਜੋਂ ਨਾਮਜ਼ਦ ਕੀਤਾ ਗਿਆ ਹੈ - ਜਦੋਂ ਕਿ ਹਰੇਕ ਵਿਆਕਤੀਗਤ ਪੋਲਿੰਗ ਬੂਥ ਲਈ ਇੱਕ 'BLA-II' ਨਿਯੁਕਤ ਕੀਤਾ ਜਾਣਾ ਹੈ। ਉਨ੍ਹਾਂ ਅੱਗੇ ਨਿਰਦੇਸ਼ ਦਿੱਤੇ ਕਿ ਸਾਰੇ ਬੂਥ ਲੈਵਲ ਅਫਸਰਾਂ ਲਈ ਵਿਸ਼ੇਸ਼ ਤੌਰ 'ਤੇ SIR ਅਭਿਆਸ ਲਈ ਸਿਖਲਾਈ ਦਾ ਪ੍ਰਬੰਧ ਕੀਤਾ ਜਾਵੇ, ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਪ੍ਰਕਿਰਿਆ ਦੌਰਾਨ ਕੋਈ ਮੁਸ਼ਕਲ ਨਾ ਆਵੇ।

ਮੀਟਿੰਗ ਦੌਰਾਨ, ਡੀਸੀ ਨੇ ਸਮਾਂ-ਸਾਰਣੀ ਦੀ ਰੂਪਰੇਖਾ ਦਿੱਤੀ: 15 ਜੂਨ ਤੋਂ 14 ਜੁਲਾਈ ਤੱਕ, BLOs ਸੋਧ ਦਾ ਕੰਮ ਕਰਨ ਲਈ ਘਰ-ਘਰ ਜਾਣ ਕੇ ਕਰਨਗੇ। ਪੋਲਿੰਗ ਸਟੇਸ਼ਨਾਂ ਦਾ ਤਰਕਸੰਗਤੀਕਰਨ 14 ਜੁਲਾਈ ਤੱਕ ਪੂਰਾ ਕੀਤਾ ਜਾਣਾ ਹੈ, ਅਤੇ ਡਰਾਫਟ ਵੋਟਰ ਸੂਚੀ 21 ਜੁਲਾਈ ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ। ਵੋਟਰ ਸੂਚੀ ਸੰਬੰਧੀ ਦਾਅਵੇ ਅਤੇ ਇਤਰਾਜ਼ 21 ਜੁਲਾਈ ਤੋਂ 20 ਅਗਸਤ ਤੱਕ ਸਵੀਕਾਰ ਕੀਤੇ ਜਾਣਗੇ; ਜਿਨ੍ਹਾਂ ਦਾਅਵਿਆਂ ਅਤੇ ਇਤਰਾਜ਼ਾਂ ਦਾ ਨਿਰਣਾ 21 ਜੁਲਾਈ ਤੋਂ 18 ਸਤੰਬਰ ਦੇ ਵਿਚਕਾਰ ਕੀਤਾ ਜਾਵੇਗਾ; ਅਤੇ ਅੰਤਿਮ ਵੋਟਰ ਸੂਚੀ 22 ਸਤੰਬਰ, 2026 ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ।

ਚੋਣਕਾਰ ਰਜਿਸਟ੍ਰੇਸ਼ਨ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕਰਦੇ ਹੋਏ, ਡੀਸੀ ਨੇ ਜ਼ੋਰ ਦੇ ਕੇ ਕਿਹਾ ਕਿ ਐਸਆਈਆਰ ਅਭਿਆਸ ਨੂੰ ਬਹੁਤ ਹੀ ਧਿਆਨ ਅਤੇ ਸਾਵਧਾਨੀ ਨਾਲ ਲਾਗੂ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਨਿਰਦੇਸ਼ ਦਿੱਤੇ ਕਿ ਐਸਆਈਆਰ ਪ੍ਰਕਿਰਿਆ ਨਾਲ ਸੰਬੰਧਤ ਸਾਰੇ ਦਾਅਵਿਆਂ ਅਤੇ ਇਤਰਾਜ਼ਾਂ ਨੂੰ ਪੂਰੀ ਗੰਭੀਰਤਾ ਨਾਲ ਸੁਣਿਆ ਜਾਵੇ ਅਤੇ ਹੱਲ ਕੀਤਾ ਜਾਵੇ। ਉਨ੍ਹਾਂ ਇਸ ਕਾਰਵਾਈ ਦੇ ਕਿਸੇ ਵੀ ਪੜਾਅ 'ਤੇ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਵਿਰੁੱਧ ਸਖ਼ਤ ਚੇਤਾਵਨੀ ਦਿੱਤੀ, ਦੁਹਰਾਇਆ ਕਿ ਪੂਰੀ ਐਸਆਈਆਰ ਅਭਿਆਸ ਭਾਰਤ ਦੇ ਚੋਣ ਕਮਿਸ਼ਨ ਦੁਆਰਾ ਜਾਰੀ ਨਿਰਦੇਸ਼ਾਂ ਦੇ ਅਨੁਸਾਰ ਸਖ਼ਤੀ ਨਾਲ ਕੀਤਾ ਜਾਣਾ ਚਾਹੀਦਾ ਹੈ। ਕਮਿਸ਼ਨ ਦੇ ਅਨੁਸਾਰ, ਕਿਸੇ ਵੀ ਵੋਟਰ ਦਾ ਨਾਮ ਸਹੀ ਤਸਦੀਕ ਅਤੇ ਸੁਣਵਾਈ ਦਾ ਮੌਕਾ ਦਿੱਤੇ ਬਿਨਾਂ ਡਰਾਫਟ ਸੂਚੀ ਵਿੱਚੋਂ ਨਹੀਂ ਹਟਾਇਆ ਜਾਵੇਗਾ।

ਖਪਤਕਾਰਾਂ ਦੀਆਂ ਸ਼ਿਕਾਇਤਾਂ ਅਤੇ ਪੁੱਛਗਿੱਛਾਂ ਦਾ ਸਫਲਤਾਪੂਰਵਕ ਹੱਲ

ਪੈਗ਼ਾਮ-ਏ-ਜਗਤ
ਹਰਿਆਣਾ/ਹਿਸਾਰ (ਗਰਿਮਾ)

ਸ਼ਿਮਲਾ ਜਲ ਪ੍ਰਬੰਧਨ ਨਿਗਮ ਦੇ ਦਿਸ਼ਾ-ਨਿਰਦੇਸ਼ਾਂ ਦੇ ਤਹਿਤ, ਸੰਸਦੀ ਵਿੱਚ ਗਾਹਕ ਸੇਵਾ ਕੇਂਦਰ - ਐਸ.ਯੂ.ਈ.ਜੌਡ ਦੁਆਰਾ ਸੰਚਾਲਿਤ - ਅਤੇ 24ਰਾ7 ਹੈਲਪਲਾਈਨ ਨੇ ਹੁਣ ਤੱਕ 4,200 ਤੋਂ ਵੱਧ ਖਪਤਕਾਰਾਂ ਦੀਆਂ ਸ਼ਿਕਾਇਤਾਂ ਅਤੇ ਪੁੱਛਗਿੱਛਾਂ ਦਾ ਸਫਲਤਾਪੂਰਵਕ ਹੱਲ ਕੀਤਾ ਹੈ।

ਨਿਗਮ ਦੇ ਨਿਰਦੇਸ਼ਾਂ ਦੇ ਅਨੁਸਾਰ, ਐਸ.ਯੂ.ਈ.ਜੌਡ ਸੰਸਦੀ ਗਾਹਕ ਸੇਵਾ ਕੇਂਦਰ ਅਤੇ 24ਰਾ7 ਹੈਲਪਲਾਈਨ ਨੰਬਰ, 87671-98000 ਰਾਹੀਂ ਨਾਗਰਿਕਾਂ ਨੂੰ ਤੁਰੰਤ, ਸਰਲ ਅਤੇ ਪੁਛਾਵਸ਼ਲੀ ਸੇਵਾਵਾਂ ਪ੍ਰਦਾਨ ਕਰ ਰਿਹਾ ਹੈ। ਇਹ ਸੇਵਾ ਪਿਛਲੇ ਸਾਲ ਜੂਨ ਵਿੱਚ ਸ਼ੁਰੂ ਕੀਤੀ ਗਈ ਸੀ; ਉਦੋਂ ਤੋਂ, ਹਜ਼ਾਰਾਂ ਖਪਤਕਾਰਾਂ ਲਈ ਸਮੱਸਿਆਵਾਂ ਅਤੇ ਪੁੱਛਗਿੱਛਾਂ ਦਾ ਸਮੇਂ ਸਿਰ ਅਤੇ ਤਸੱਲੀਬਖਸ਼ ਹੱਲ ਯਕੀਨੀ ਬਣਾ

ਰਾਜੀਵ ਗਾਂਧੀ ਨੇ ਤਕਨਾਲੋਜੀ ਅਤੇ ਪੰਚਾਇਤੀ ਰਾਜ ਨੂੰ ਇੱਕ ਨਵੀਂ ਦਿਸ਼ਾ ਦਿੱਤੀ : ਬ੍ਰਿਜਲਾਲ ਬਹਿਬਲਪੁਰੀਆ

- ਰਾਜੀਵ ਗਾਂਧੀ ਦਾ ਸੁਪਨਾ ਇੱਕ ਮਜ਼ਬੂਤ, ਆਧੁਨਿਕ ਅਤੇ ਸਵੈ-ਨਿਰਭਰ ਭਾਰਤ ਸੀ - ਬ੍ਰਿਜਲਾਲ ਬਹਿਬਲਪੁਰੀਆ

ਪੈਗ਼ਾਮ-ਏ-ਜਗਤ
ਹਰਿਆਣਾ/ਹਿਸਾਰ (ਗਰਿਮਾ)

ਭਾਰਤ ਦੇ ਸਾਬਕਾ ਪ੍ਰਧਾਨ ਮੰਤਰੀ ਅਤੇ ਭਾਰਤ ਰਤਨ, ਸਵਰਗੀ ਸ੍ਰੀ ਰਾਜੀਵ ਗਾਂਧੀ ਦੀ 35ਵੀਂ ਬਰਸੀ ਦੇ ਮੌਕੇ ਤੋਂ, ਜ਼ਿਲ੍ਹਾ ਕਾਂਗਰਸ ਕਮੇਟੀ, ਹਿਸਾਰ (ਦਿਹਾਤੀ) ਵੱਲੋਂ ਕਾਂਗਰਸ ਭਵਨ, ਹਿਸਾਰ ਵਿਖੇ ਇੱਕ ਸ਼ਰਧਾਂਜਲੀ ਸਭਾ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਦੀ ਪ੍ਰਧਾਨਗੀ ਜ਼ਿਲ੍ਹਾ ਕਾਂਗਰਸ ਕਮੇਟੀ, ਹਿਸਾਰ (ਦਿਹਾਤੀ) ਦੇ ਪ੍ਰਧਾਨ ਬ੍ਰਿਜਲਾਲ ਬਹਿਬਲਪੁਰੀਆ ਨੇ ਕੀਤੀ। ਇਸ ਸਮਾਗਮ ਦੌਰਾਨ, ਕਾਂਗਰਸ ਅਹੁਦੇਦਾਰਾਂ ਅਤੇ ਵਰਕਰਾਂ ਨੇ ਰਾਜੀਵ ਗਾਂਧੀ ਦੀ ਤਸਵੀਰ ਤੇ ਫੁੱਲ ਮਾਲਾਵਾਂ ਭੇਟ ਕੀਤੀਆਂ, ਉਨ੍ਹਾਂ ਨੂੰ ਦਿਲੋਂ ਸ਼ਰਧਾਂਜਲੀ ਦਿੱਤੀ ਅਤੇ ਉਨ੍ਹਾਂ ਦੇ ਯੋਗਦਾਨ ਨੂੰ ਯਾਦ ਕੀਤਾ।

ਇਸ ਮੌਕੇ 'ਤੇ ਬੋਲਦਿਆਂ, ਬ੍ਰਿਜਲਾਲ ਬਹਿਬਲਪੁਰੀਆ ਨੇ ਕਿਹਾ ਕਿ ਸਵਰਗੀ ਰਾਜੀਵ ਗਾਂਧੀ ਸਿਰਫ਼ ਇੱਕ ਨੇਤਾ ਹੀ ਨਹੀਂ ਸਨ ਸਗੋਂ ਆਧੁਨਿਕ ਭਾਰਤ ਦੇ ਇੱਕ ਸ਼ਿਲਪਕਾਰ ਸਨ। ਉਨ੍ਹਾਂ ਨੇ ਇੱਕ ਅਜਿਹੇ ਭਾਰਤ ਦੀ ਕਲਪਨਾ ਕੀਤੀ ਜੋ ਵਿਗਿਆਨ, ਤਕਨਾਲੋਜੀ ਅਤੇ ਆਧੁਨਿਕ ਮਾਨਸਿਕਤਾ ਰਾਹੀਂ ਵਿਸ਼ਵ ਪੱਧਰ 'ਤੇ ਆਪਣੀ ਇੱਕ ਵੱਖਰੀ ਪਛਾਣ ਬਣਾਏਗਾ। ਰਾਜੀਵ ਗਾਂਧੀ ਨੇ ਦੇਸ਼ ਦੇ ਅੰਦਰ ਸੂਚਨਾ ਕ੍ਰਾਂਤੀ ਦੀ ਨੀਂਹ ਰੱਖ ਕੇ ਭਾਰਤ ਨੂੰ ਇੱਕ ਨਵੀਂ ਦਿਸ਼ਾ ਵਿੱਚ ਲੈ ਜਾਣ ਦਾ ਕੰਮ ਕੀਤਾ। ਕੰਪਿਊਟਰ ਅਤੇ ਦੂਰਸੰਚਾਰ ਖੇਤਰਾਂ ਨੂੰ ਉਤਸ਼ਾਹਿਤ ਕਰਕੇ, ਉਨ੍ਹਾਂ ਨੇ ਦੇਸ਼ ਨੂੰ 21ਵੀਂ ਸਦੀ ਵੱਲ ਵਧਾਇਆ।

ਉਨ੍ਹਾਂ ਅੱਗੇ ਟਿੱਪਣੀ ਕੀਤੀ ਕਿ ਰਾਜੀਵ ਗਾਂਧੀ ਨੇ 18 ਸਾਲ ਦੀ ਉਮਰ ਵਿੱਚ ਨੌਜਵਾਨਾਂ ਨੂੰ ਵੋਟ ਪਾਉਣ ਦਾ ਅਧਿਕਾਰ ਦੇ ਕੇ ਲੋਕਤੰਤਰ ਨੂੰ ਮਜ਼ਬੂਤ ਕੀਤਾ। ਉਨ੍ਹਾਂ ਨੇ ਪੰਚਾਇਤੀ ਰਾਜ ਪ੍ਰਣਾਲੀ ਨੂੰ ਮਜ਼ਬੂਤ ਕਰਕੇ ਪਿੰਡਾਂ ਨੂੰ ਸਸ਼ਕਤ ਬਣਾਇਆ ਅਤੇ ਸਥਾਨਕ ਸ਼ਾਸਨ ਸੰਸਥਾਵਾਂ ਵਿੱਚ ਔਰਤਾਂ ਦੀ ਭਾਗੀਦਾਰੀ ਨੂੰ ਯਕੀਨੀ ਬਣਾਉਣ ਦੇ ਦ੍ਰਿਸ਼ਟੀਕੋਣ ਨੂੰ ਅੱਗੇ ਵਧਾਇਆ। ਸਿੱਖਿਆ, ਵਿਗਿਆਨਾਂ, ਤਕਨਾਲੋਜੀ ਅਤੇ ਰਾਸ਼ਟਰੀ ਏਕਤਾ ਦੇ ਖੇਤਰਾਂ ਵਿੱਚ ਉਨ੍ਹਾਂ ਦੇ ਯੋਗਦਾਨ ਨੂੰ ਰਾਸ਼ਟਰ ਹਮੇਸ਼ਾ ਯਾਦ ਰੱਖ੗ਾ।

ਉਨ੍ਹਾਂ ਅੱਗੇ ਕਿਹਾ ਕਿ, ਇਸ ਵੇਲੇ ਦੇਸ਼ ਵਿੱਚ ਮਹਿੰਗਾਈ ਲਗਾਤਾਰ ਵੱਧ ਰਹੀ ਹੈ, ਬੇਰੁਜ਼ਗਾਰੀ ਆਪਣੇ ਸਿਖਰ 'ਤੇ ਪਹੁੰਚ ਗਈ ਹੈ, ਅਤੇ ਕਿਸਾਨ ਆਪਣੀਆਂ ਫਸਲਾਂ ਦੇ ਵਾਜਬ ਭਾਅ ਪ੍ਰਾਪਤ ਕਰਨ ਲਈ ਸੰਘਰਸ਼ ਕਰ ਰਹੇ ਹਨ। ਭਾਜਪਾ ਸਰਕਾਰ ਨੇ ਨੌਜਵਾਨਾਂ ਨੂੰ ਵੱਡੇ ਸੁਪਨੇ ਦਿਖਾਏ - ਰੁਜ਼ਗਾਰ ਦਾ ਵਾਅਦਾ; ਕਿਸਾਨਾਂ ਨੂੰ - ਰਾਹਤ; ਅਤੇ ਆਮ ਜਨਤਾ ਨੂੰ - ਬਿਹਤਰ ਸਹੂਲਤਾਂ; ਫਿਰ ਵੀ, ਜ਼ਮੀਨੀ ਹਕੀਕਤ ਬਿਲਕੁਲ ਵੱਖਰੀ ਜਾਪਦੀ ਹੈ।

ਉਨ੍ਹਾਂ ਕਿਹਾ ਕਿ, ਜਨਤਾ ਦੀਆਂ ਚਿੰਤਾਵਾਂ ਨੂੰ ਦੂਰ ਕਰਨ ਦੀ ਬਜਾਏ, ਭਾਜਪਾ ਸਰਕਾਰ ਸਿਰਫ਼ ਪ੍ਰਚਾਰ ਅਤੇ ਵਾਅਦਿਆਂ ਦੀ ਰਾਜਨੀਤੀ ਵਿੱਚ ਰੁੱਝੀ ਹੋਈ ਹੈ। ਅੱਜ, ਆਮ ਆਦਮੀ ਮਹਿੰਗਾਈ ਦਾ ਖਮਿਆਜ਼ਾ ਭੁਗਤ ਰਿਹਾ ਹੈ, ਨੌਜਵਾਨ ਆਪਣੇ ਭਵਿੱਖ ਬਾਰੇ ਚਿੰਤਤ ਹਨ, ਅਤੇ ਰਾਜ ਦੇ ਲੋਕਾਂ ਨੇ ਤਬਦੀਲੀ ਲਿਆਉਣ ਦਾ ਸੰਕਲਪ ਲਿਆ ਹੈ। ਕਾਂਗਰਸ ਪਾਰਟੀ ਹਰ ਮੁੱਦੇ ਲਈ ਲੜਦੇ ਹੋਏ, ਲੋਕਾਂ ਦੀ ਆਵਾਜ਼ ਵਜੋਂ ਕੰਮ ਕਰਦੀ ਰਹੇਗੀ। ਪ੍ਰੋਗਰਾਮ ਵਿੱਚ ਏ.ਆਈ.ਸੀ.ਸੀ. ਮੈਂਬਰ ਰਾਜੇਸ਼ ਸੰਦਲਾਨਾ; ਸਾਬਕਾ ਟੈਕਸ ਅਤੇ ਟ੍ਰਿਬਿਊਨਲ ਮੰਬਰ ਹਰਪਾਲ ਸਿੰਘ ਬੁਰਾ; ਬਰਵਾਲਾ ਬਲਾਕ ਸਾਬਕਾ ਉਮੀਦਵਾਰ ਭੂਪੇਂਦਰ ਸਿੰਘ ਗੰਗਵਾ; ਕਾਂਗਰਸ ਨੇਤਾ ਧਰਮਵੀਰ ਗੋਇਤ; ਕੇ.ਕੇ.ਸੀ. ਸਟੇਟ ਕਨਵੀਨਰ ਨਰੇਸ਼ ਮਲਿਕ; ਸਾਬਕਾ ਚੇਅਰਮੇਨ ਕ੍ਰਿਸ਼ਨ ਸਿੰਗਲਾ (ਉਰਫ਼ ਟੀਟੂ); ਸੀਨੀਅਰ ਆਗੂ ਅਨੁਪ ਸਿੰਘ ਸਰਮਾਣਾ; ਨੌਜਵਾਨ ਆਗੂ ਆਨੰਦ ਜਾਖੜ; ਸੀਨੀਅਰ ਬੁਲਾਰੇ ਅਸ਼ਵਨੀ ਸ਼ਰਮਾ; ਸਾਬਕਾ ਸੂਬਾ ਮੀਤ ਪ੍ਰਧਾਨ (ਮਹਿਲਾ ਵਿੰਗ) ਐਡਵੋਕੇਟ ਕਮਲ ਸਹਿਰਾਵਤ; ਸਾਬਕਾ ਜ਼ਿਲ੍ਹਾ ਪ੍ਰਧਾਨ (ਮਹਿਲਾ ਵਿੰਗ, ਦਿਹਾਤੀ) ਸੰਤੋਸ਼ ਜੂਨ; ਕੋਕੋਸੀ ਦੀ ਸੂਬਾ ਮੀਤ ਪ੍ਰਧਾਨ ਗੀਤਾ ਆਹੂਜਾ; ਓਬੀਸੀ ਜ਼ਿਲ੍ਹਾ ਪ੍ਰਧਾਨ ਅਜੀਤ ਯਾਦਵ; ਐਸ.ਸੀ ਸੂਬਾ ਜਨਰਲ ਸਕੱਤਰ ਸੁਖਬੀਰ ਧਾਨਕ; ਦੇ ਸੂਬਾ ਮੀਤ ਪ੍ਰਧਾਨ (ਸੇਵਾਮੁਕਤ ਕਰਮਚਾਰੀ ਸੈੱਲ) ਰਣਧੀਰ ਸਿੰਘ ਬਮਾਲ; ਨੌਜਵਾਨ ਆਗੂ ਦਿਨੇਸ਼ ਪੁਨੀਆ; ਦੇ ਸੂਬਾ ਮੀਤ ਪ੍ਰਧਾਨ (ਸੇਵਾਮੁਕਤ ਕਰਮਚਾਰੀ ਸੈੱਲ) ਤਾਜ ਮੁਹੰਮਦ; ਟ੍ਰਿਲੋਕਚੰਦ ਸ਼ਰਮਾ; ਚੇਚਰਵਾਨ ਕਾਂਸਲਾ; ਚਰਨ ਸਿੰਘ ਬੂਰਾ; ਆਦਮਪੁਰ ਹਲਕਾ ਪ੍ਰਧਾਨ (ਸੇਵਾਮੁਕਤ ਕਰਮਚਾਰੀ) ਕ੍ਰਿਸ਼ਨ ਕੁਮਾਰ ਜਾਗਨਵਾਲ; ਨੌਜਵਾਨ ਆਗੂ ਪ੍ਰਵੀਨ ਪਾਵਡਾ; ਡਾ: ਰੂਪ ਸਿੰਘ ਘੱਡੋਲਾ; ਰਾਮਫਲ ਸ਼ਿਲ; ਘਨਸ਼ਿਆਮ ਵਰਮਾ; ਪਰਮਜੀਤ ਸਿੰਘ ਮਾਲਵੀਆ; ਬਲਾਕ ਪ੍ਰਧਾਨ (ਹਿਸਾਰ ਸੇਵਾ ਦਲ) ਸੰਦੀਪ ਸਿਹਾਗ; ਕੋਕੋਸੀ ਸਕੱਤਰ ਸੁਭਾਸ਼ ਸਰਸ; ਜ਼ਿਲ੍ਹਾ ਪ੍ਰਧਾਨ (ਸੇਵਾਮੁਕਤ ਕਰਮਚਾਰੀ ਸੈੱਲ) ਦਯਾਪਾਲ ਬਦੀਆ; ਸਕੱਤਰ (ਸੇਵਾਮੁਕਤ ਕਰਮਚਾਰੀ ਸੈੱਲ) ਅਸ਼ੋਕ ਕੁਮਾਰ ਬੇਇਰ; ਸੁਰੇਸ਼ ਧੰਘਾਲ ਗੰਗਵਾ; ਚੇਚਰਡਾਨ; ਮਨੋਜ ਸ਼ਰਮਾ; ਸੁਰਿਦਰ ਕੁਮਾਰ; ਸੁਰੇਸ਼ ਬਰਕੇਸੀਆ; ਕੰਵਰ ਸਿੰਘ; ਸੇਵਾਮੁਕਤ ਈਟੀਓ ਅਜੀਤ ਸਿੰਘ; ਜ਼ਿਲ੍ਹਾ ਪ੍ਰਧਾਨ (ਕੇ.ਕੇ.ਸੀ. ਕਾਂਗਰਸ) ਰਾਜੇਸ਼ ਦੇਵੜਾ; ਕਪਿਲ ਸ਼ਿਓਰਨ; ਬੀਕੇ ਸੁਰੇਸ਼ ਕੁਮਾਰ; ਰਮੇਸ਼ ਚਾਹਰ; ਅਸ਼ੋਕ ਬੈਨੀਵਾਲ (ਚੁੰਗੀ ਬਾਗੜੀਆਂ); ਸੋਨੂੰ ਗਨੌਲੀਆਂ; ਮਾਸਟਰ ਵਿਨੋਦ ਵਫ਼ਾਦਾਰ; ਬਲਰਾਜ ਸਤਰੋਦ; ਸੁਰਿਦਰ ਗਰੇਵਾਲ; ਸੀਨੀਅਰ ਆਗੂ ਨਰਿਦਰ ਸਿੰਘ ਲਾਡਵਾ; ਝਿਜਲਾਲ; ਸਤਬੀਰ ਮਾਘੂਰ; ਬੀਰ ਸਿੰਘ ਜਾਂਗੜਾ; ਪਵਨ ਨੈਨ ਲਿਤਾਨੀ; ਦੇਵਤ ਰਾਮ; ਮਨੋਜ ਡਿਕਟਾਨਾ; ਸੁਰੇਂਦਰ ਵਰਮਾ (ਸੇਵਾਮੁਕਤ ਕਰਮਚਾਰੀ ਸੈੱਲ ਤੋਂ); ਹਰਦੀਪ ਸਿੰਘ ਪੁਨੀਆ; ਜੋਗਿੰਦਰ ਸਿੰਘ ਬੇਰਵਾਲ; ਵਿਕਰਮ ਦੇਵ; ਜੈ ਨਰਾਇਣ ਬਾਗੜੀ; ਓਮ ਪ੍ਰਕਾਸ਼ (ਆਜ਼ਾਦ ਨਗਰ); ਵਿਕਰਮ ਬਰਾਣ; ਰਮੇਸ਼ ਲੋਗਾ; ਕ੍ਰਿਸ਼ਨ ਮਹਸੀ; ਕੁਲਦੀਪ ਸਿੰਘ; ਅਤੇ ਇਦੂਦੀਨ। ਮੱਲਪੁਰ, ਕ੍ਰਿਸ਼ਨ ਕੁਮਾਰ ਸੈਨੀ, ਦਿਲਬਾਗ ਧੀਰਾਂਵਾਸ, ਅਡਿਮਿਨਿਊ ਧਰਮਵੀਰ, ਵਰਿੰਦਰ ਆਦਿ ਸਮੇਤ ਸੈਕੜੇ ਕਾਂਗਰਸੀ ਮੈਂਬਰ ਹਾਜ਼ਰ ਸਨ।

ਭਾਰਤ ਵਿਕਾਸ ਪ੍ਰੀਸ਼ਦ ਨੇ 300 ਵਿਦਿਆਰਥੀਆਂ ਨੂੰ 4-4 ਵਰਕਬੁੱਕ ਵੰਡੀਆਂ

ਪੈਗ਼ਾਮ-ਏ-ਜਗਤ/ਅੰਬਾਲਾ, 21 ਮਈ (ਆਰ.ਸ਼ਿੰਘ)

ਭਾਰਤ ਵਿਕਾਸ ਪ੍ਰੀਸ਼ਦ ਮਹਾਰਿਸ਼ੀ ਦਯਾਨੰਦ ਸ਼ਾਖਾ, ਅੰਬਾਲਾ ਸ਼ਹਿਰ ਨੇ ਅੱਜ ਸਵੇਰੇ ਸ਼ਹਿਰ ਦੇ ਸਭ ਤੋਂ ਪੁਰਾਣੇ ਸਕੂਲ, ਏਐਸ ਸੀਨੀਅਰ ਸੈਕੰਡਰੀ ਸਕੂਲ ਵਿਖੇ ਇੱਕ ਵਰਕਬੁੱਕ ਵੰਡ ਪ੍ਰੋਗਰਾਮ ਦਾ ਆਯੋਜਨ ਕੀਤਾ। ਇਸ ਮੌਕੇ 'ਤੇ ਸਰਪ੍ਰਸਤ ਪ੍ਰਦੀਪ ਗੋਇਲ, ਪ੍ਰਧਾਨ ਚਮਨ ਅਗਰਵਾਲ, ਸਕੱਤਰ ਅੰਕੁਰ ਗੋਇਲ, ਵਿੱਤ ਸਕੱਤਰ ਅਮਿਤ ਚਾਨਣਾ, ਸੰਸਕਾਰ ਕੋਆਰਡੀਨੇਟਰ ਮਨੋਜ ਗਰਗ, ਬੀ.ਐਮ. ਮਹਿਤਾ, ਪੀ.ਕੇ. ਸੇਠੀ, ਰਾਜਿੰਦਰ ਅਗਰਵਾਲ, ਰਾਕੇਸ਼ ਮੱਕੜ, ਅਤੇ ਸਮਾਜ ਸੇਵਕ ਵਿਜੇ ਚੌਧਾ ਮੌਜੂਦ ਸਨ। ਸਕੱਤਰ ਅੰਕੁਰ ਗੋਇਲ ਨੇ ਦੱਸਿਆ ਕਿ ਸਕੂਲ ਦੇ ਸਾਰੇ 300 ਵਿਦਿਆਰਥੀਆਂ ਨੂੰ ਚਾਰ-ਚਾਰ ਵਰਕਬੁੱਕ ਵੰਡੀਆਂ ਗਈਆਂ ਹਨ। ਇਹ ਪ੍ਰੋਜੈਕਟ ਸਿੱਖਿਆ ਨੂੰ ਉਤਸ਼ਾਹਿਤ ਕਰਨ ਲਈ ਆਯੋਜਿਤ ਕੀਤਾ ਗਿਆ ਸੀ। ਜਾਣਕਾਰੀ ਸਾਂਝੀ ਕਰਦੇ ਹੋਏ ਸ਼ਾਖਾ ਦੇ ਪ੍ਰੋਜ਼ ਸਕੱਤਰ, ਸ਼੍ਰੀ ਕ੍ਰਿਸ਼ਨ ਸੈਣੀ ਅਤੇ ਰਾਕੇਸ਼ ਮੱਕੜ ਨੇ ਦੱਸਿਆ ਕਿ ਇਸ ਸਾਲ ਇਸ ਪ੍ਰੋਜੈਕਟ ਦੇ ਤਹਿਤ ਸ਼ਹਿਰ ਦੇ ਵੱਖ-ਵੱਖ ਸਕੂਲਾਂ ਵਿੱਚ ਲਗਭਗ 6,500 ਵਰਕਬੁੱਕ ਵੰਡੀਆਂ ਜਾਣਗੀਆਂ।

ਸਿਰਫ਼ ਅਕਾਲੀ ਦਲ ਲੜ ਰਿਹਾ ਵਿਕਾਸ ਦੇ ਏਜੰਡੇ 'ਤੇ ਚੋਣਾਂ : ਐਨ.ਕੇ. ਸ਼ਰਮਾ

ਪੈਗ਼ਾਮ-ਏ-ਜਗਤ
ਲਾਲੜੂ (ਹਰਮਿੰਦਰ ਸਿੰਘ ਨਾਗਪਾਲ)

ਸ਼੍ਰੋਮਣੀ ਅਕਾਲੀ ਦਲ ਦੇ ਖਜ਼ਾਨਚੀ ਅਤੇ ਸਾਬਕਾ ਹਲਕਾ ਵਿਧਾਇਕ ਐਨ.ਕੇ. ਸ਼ਰਮਾ ਨੇ ਕਿਹਾ ਕਿ ਅੱਜ ਸਥਾਨਕ ਸੰਸਥਾਵਾਂ ਦੀਆਂ ਚੋਣਾਂ ਦੌਰਾਨ ਵਿਰੋਧੀ ਕਾਂਗਰਸ ਅਤੇ ਸੱਤਾਧਾਰੀ ਆਮ ਆਦਮੀ ਪਾਰਟੀ ਕੋਲ ਗਿਨਾਉਣ ਦੇ ਲਈ ਕੋਈ ਵਿਕਾਸ ਕਾਰਜ ਨਹੀਂ ਹੈ। ਇਨ੍ਹਾਂ ਚੋਣਾਂ ਵਿੱਚ ਸਿਰਫ਼ ਸ਼੍ਰੋਮਣੀ ਅਕਾਲੀ ਦਲ ਹੀ ਇੱਕ ਅਜਿਹੀ ਪਾਰਟੀ ਹੈ, ਜੋ ਵਿਕਾਸ ਦੇ ਏਜੰਡੇ 'ਤੇ ਚੋਣਾਂ ਲੜ ਰਹੀ ਹੈ। ਐਨ.ਕੇ. ਸ਼ਰਮਾ ਅੱਜ ਇੱਥੇ ਪਾਰਟੀ ਉਮੀਦਵਾਰ ਰਮਨਪ੍ਰੀਤ ਕੌਰ ਦੇ ਸਮਰਥਨ ਵਿੱਚ ਘੱਲੂਮਾਜਰਾ ਵਿੱਚ ਜਨਤਕ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਜਦੋਂ ਵੀ ਅਕਾਲੀ ਦਲ ਦੀ ਸਰਕਾਰ ਸੱਤਾ ਵਿੱਚ ਆਈ ਹੈ, ਲਾਲੜੂ ਇਲਾਕੇ ਵਿੱਚ ਵਿਕਾਸ ਹੋਇਆ ਹੈ।

ਅਕਾਲੀ ਦਲ ਦੇ ਉਮੀਦਵਾਰ ਹੁਣ ਆਪਣੇ ਵਿਕਾਸ ਏਜੰਡੇ ਨਾਲ ਹਰ ਵਾਰਡ ਵਿੱਚ ਲੋਕਾਂ ਤੱਕ ਪਹੁੰਚ ਕਰ ਰਹੇ ਹਨ। ਪਿਛਲੇ ਸਾਢੇ ਚਾਰ ਸਾਲਾਂ ਤੋਂ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਿਰਫ਼ ਪਾਣੀ ਅਤੇ ਰਾਜ ਕਰੇ ਦੀ ਨੀਤੀ ਅਪਣਾਈ ਹੈ। ਐਨ.ਕੇ. ਸ਼ਰਮਾ ਨੇ ਕਿਹਾ ਕਿ ਅੱਜ ਹਾਲਾਤ ਅਜਿਹੇ ਹਨ ਕਿ ਕਾਂਗਰਸ ਦਾ ਨਾਮ ਲੈਣ ਵਾਲਾ ਕੋਈ ਨਹੀਂ ਹੈ। ਸਾਬਕਾ ਵਿਧਾਇਕ ਨੇ ਅੱਜ ਦੇਪਰ, ਆਲਮਗੀਰ, ਡਰਿਰ, ਮਗਰਾ, ਬੱਸੀ, ਜਲਾਲਪੁਰ ਅਤੇ ਲਾਲੜੂ ਸਮੇਤ ਵੱਖ-ਵੱਖ ਵਾਰਡਾਂ ਵਿੱਚ ਪਾਰਟੀ ਉਮੀਦਵਾਰਾਂ ਦੇ ਸਮਰਥਨ ਵਿੱਚ ਪ੍ਰਚਾਰ ਕੀਤਾ। ਇਸ ਮੌਕੇ ਸੀਨੀਅਰ ਅਕਾਲੀ ਆਗੂ ਕ੍ਰਿਸ਼ਨ ਪਾਲ ਸ਼ਰਮਾ, ਮਨਜੀਤ ਸਿੰਘ ਮਲਿਕਪੁਰ, ਗੁਰਵਿੰਦਰ ਹਸਨਪੁਰ, ਸੰਜੂ ਪੁਜਾਪੁਤ, ਬੌਲੂ ਰਾਣਾ, ਮਨੀਸ਼ ਰਾਣਾ, ਕੁਲਦੀਪ ਸ਼ਰਮਾ ਸਮੇਤ ਕਈ ਆਗੂ ਮੌਜੂਦ ਸਨ।

18% ਡੀ.ਏ. ਦੀਆਂ ਕਿਸ਼ਤਾਂ ਅਤੇ ਬਕਾਇਆ ਖੋਲ ਰਿਹਾ ਹੈ ਸਰਕਾਰ ਦੇ ਝੂਠ ਦੀਆਂ ਪਰਤਾਂ : ਸੇਵਾਮੁਕਤ ਸਿੱਖਿਆ ਕਰਮਚਾਰੀ

ਚੰਡੀਗੜ੍ਹ, 21 ਮਈ
(ਪੈਗ਼ਾਮ-ਏ-ਜਗਤ)

ਪੰਜਾਬ ਸਰਕਾਰ ਦੇ ਮੁਲਾਜ਼ਮ ਅਤੇ ਪੈਨਸ਼ਨਰਜ਼ ਨਾਲ ਪੰਜਾਬ ਸਰਕਾਰ ਹਮੇਸ਼ਾ ਧੋਖਾ ਕਰਦੀ ਰਹੀਦੀ ਹੈ। ਪਹਿਲਾ ਕਾਂਗਰਸ ਸਰਕਾਰ ਵੇਲੇ ਦੇ ਵਿੱਤ ਮੰਤਰੀ ਮਨਪ੍ਰੀਤ ਸਿੰਘ ਬਾਦਲ ਨੇ ਮੁਲਾਜ਼ਮ ਅਤੇ ਪੈਨਸ਼ਨਰਜ਼ ਦੇ ਛੇਵੇਂ ਤਨਖਾਹ

- ਮੁਲਾਜ਼ਮ ਵਰਗ ਅਤੇ ਪੈਨਸ਼ਨਰਜ਼ ਮਾਨਯੋਗ ਅਦਾਲਤ ਦੇ ਫੈਸਲਿਆ ਨਾਲ ਖੁਸ਼

ਕਮਿਸ਼ਨ ਦੇ ਬਕਾਏ ਰੋਲ ਦਿੱਤੇ, ਪੇਂਡੂ ਭੱਤਾ ਏ ਸੀ ਪੀ ਦੇ ਲਾਭ ਤੇ ਕਾਟ ਕੀਤੀ ਹੁਣ ਮੌਜੂਦਾ ਸਰਕਾਰ ਨੇ ਮੁਲਾਜ਼ਮ ਅਤੇ ਪੈਨਸ਼ਨਰਜ਼ ਦੇ 18% ਡੀ ਏ ਦੀਆਂ ਕਿਸ਼ਤਾ ਅਤੇ ਬਕਾਏ ਰੋਕਣ ਲਈ ਮਾਨਯੋਗ ਅਦਾਲਤ ਦੇ ਫੈਸਲਿਆਂ ਨੂੰ ਲਾਗੂ ਕਰਨ ਦੀ ਥਾਂ ਅ ਐਲ ਪੀ ਏ ਦਾਇਰ ਕਰਕ ਟਾਲਣ ਦੀ ਕੋਸ਼ਿਸ਼ ਕਰ ਰਹੀ ਹੈ।

ਸੇਵਾਮੁਕਤ ਸਿੱਖਿਆ ਕਰਮਚਾਰੀ ਜਸਵੀਰ ਸਿੰਘ ਗੋਸਲ ਨੇ ਦੱਸਿਆ ਕਿ ਹਰੇਕ ਪੈਨਸ਼ਨਰਜ਼ ਨੂੰ 4 ਹਜਾਰ ਤੋਂ ਲੈ ਕੇ ਦਸ ਹਜ਼ਾਰ ਤੱਕ ਹਰ ਮਹੀਨੇ ਘਟ ਪੈਨਸ਼ਨਰ ਅਤੇ ਮੌਜੂਦਾ ਮੁਲਾਜ਼ਮ ਨੂੰ 10 ਹਜ਼ਾਰ ਤੋਂ ਲੈ ਕੇ 15 ਹਜ਼ਾਰ ਤੱਕ ਘੱਟ ਤਨਖਾਹ ਮਿਲਦੀ ਹੈ ਸਕੱਤਰੇਤ ਦੇ ਸੇਵਾਮੁਕਤ ਅਫ਼ਸਰਜ਼ ਦੀ ਐਸੋਸੀਏਸ਼ਨ ਦੇ ਪ੍ਰਧਾਨ ਸ਼ਿਆਮ ਲਾਲ ਸ਼ਰਮਾ ਨੇ ਦੱਸਿਆ ਕਿ ਸਰਕਾਰ ਮੁਲਾਜ਼ਮ ਅਤੇ ਪੈਨਸ਼ਨਰਜ਼ ਦਾ ਪੈਸਾ ਰੋਕ ਕੇ ਝੂਥਾਰਾ ਸੱਤਾ ਹਾਸਿਲ ਕਰਨ ਲਈ ਬੀਬੀਆਂ ਨੂੰ 1000 ਅਤੇ 1500 ਰੁਪਏ ਦੇਣ ਦਾ ਐਲਾਨ ਕਰਕੇ ਵੋਕੀ ਵਾਹ ਵਾਹ ਲੈਣ ਦੀ ਕੋਸ਼ਿਸ਼ ਕਰ ਰਹੀ ਹੈ।

ਸੇਵਾਮੁਕਤ ਕਰਮਚਾਰੀ ਭਾਰਾ ਸਿੰਘ ਨੇ ਦੱਸਿਆ ਕਿ ਮੁਲਾਜ਼ਮ ਅਤੇ ਪੈਨਸ਼ਨਰਜ਼ ਦੇ ਪੇ ਕਮਿਸ਼ਨ ਦੀ ਅਦਾਇਗੀ ਜੋ ਵੀ ਪਹਿਲਾ ਲਾਗੂ ਕੀਤੇ ਉਹ ਸ਼੍ਰੋਮਣੀ ਅਕਾਲੀ ਦਲ ਅਤੇ ਭਾਜਪਾ ਗਠਜੋੜ ਦੀ ਸਰਕਾਰ ਸਮੇਂ ਕੀਤੀ ਗਈ ਸੀ ,ਪੇਂਡੂ ਭੱਤਾ ਵੀ ਪ੍ਰਕਾਸ਼ ਸਿੰਘ ਬਾਦਲ ਦੀ ਸਰਕਾਰ ਵੇਲੇ ਲਾਗੂ ਕੀਤਾ ਗਿਆ ਸੀ।

ਸੇਵਾਮੁਕਤ ਸਿੱਖਿਆ ਅਧਿਆਪਕ ਜਸਵੀਰ ਸਿੰਘ ਗੜਾਂਗਾ ਨੇ ਕਿਹਾ ਕਿ ਮੌਜੂਦਾ ਸਰਕਾਰ ਨੇ ਜਨਰਲ ਕੈਟਾਗਰੀ ਵੈਲਫੇਅਰ ਕਮਿਸ਼ਨ ਦਾ ਚੇਅਰਮੇਨ ਨਿਯੁਕਤ ਨਾ ਕਰਕੇ ਜਨਰਲ ਵਰਗ ਵਿਰੋਧੀ ਚੇਹਰਾ ਅਤੇ ਮੁਲਾਜ਼ਮ ਅਤੇ ਪੈਨਸ਼ਨਰਜ਼ ਦੇ ਬਕਾਏ ਤੱਤ ਕੇ ਅਤੇ ਡੀ ਏ ਦੀਆਂ ਕਿਸ਼ਤਾ ਦੇ ਬਕਾਏ ਜਾਰੀ ਨਾ ਕਰਕੇ ਆਉਣ ਵਾਲੀ ਹਰੇਕ ਚੋਣ ਵਿੱਚ ਮੁਲਾਜ਼ਮ ਵਰਗ ਅਤੇ ਪੈਨਸ਼ਨਰਜ਼ ਦੇ ਗੁੱਸੇ ਅਤੇ ਰੋਸ ਦਾ ਅਸਰ ਦੇਖਣ ਨੂੰ ਮਿਲੇਗਾ।

ਇਸ ਮੌਕੇ ਸੁਖਦੇਵ ਸਿੰਘ, ਨਰਿੰਦਰ ਸਿੰਘ ਗਿੱਲ, ਗੁਰਮੀਤ ਸਿੰਘ, ਅਮਰੀਕ ਸਿੰਘ ਸੇਵਾਮੁਕਤ ,ਕਿਸ਼ਨ ਸਿੰਘ, ਕੁਲਦੀਪ ਸਿੰਘ,ਪ੍ਰੇਮ ਸਿੰਘ ਸੇਵਾਮੁਕਤ ਹੈਡਮਾਸਟਰ ,ਡਾ ਦਵਿੰਦਰ ਸਿੰਘ ਬੋਹਾ ਸਾਬਕਾ ਅਧਿਕਾਰੀ,ਹਾਕਮ ਸਿੰਘ ਜਸਵੀਰ ਸਿੰਘ ਗੋਸਲ, ਜਸਵੀਰ ਸਿੰਘ ਗੜਾਂਗ, ਸੁਖਬੀਰ ਸਿੰਘ, ਮਹਿੰਦਰ ਸਿੰਘ ਚਾਹਿਲ, ਜਸਵੀਰ ਸਿੰਘ ਅਤੇ ਅਮਰਜੀਤ ਸਿੰਘ, ਬਲਦੇਵ ਸਿੰਘ, ਕੁਲਜਿੰਦਰ ਸਿੰਘ ਸੇਵਾਮੁਕਤ ਲੇਕਚਰਾਰ ਹਾਜ਼ਰ ਸਨ।

ਕੇਂਦਰੀ ਪੰਜਾਬੀ ਲੇਖਕ